


ਸੱਚ ਤੇ ਨਿਡਰ ਆਵਾਜ਼

ਰੋਜ਼ਾਨਾ

# ਲੋਕ ਬਾਣੀ

DAILY LOKBANI JALANDHAR
ਮੁੱਖ ਸੰਪਾਦਕ : ਅਮਨਦੀਪ ਮਹਿਰਾ

ਸੋਮਵਾਰ,03 ਮਾਰਚ 2025
Email:- lokbani08@gmail.com




R. N. I. Punpun/29016/2008 ✶ ਸਾਲ 16 , ✶ ਅੰਕ : 256 ✶ ਮੁੱਲ : 6 ਰੁਪਏ ✶ ਕੁੱਲ ਪੇਜ: 10 ✶ ਦਫਤਰ : 0181-2211009 ✶ M : 99155-94111




## ਇਜ਼ਰਾਈਲ ਨੇ ਗਾਜ਼ਾ ਨੂੰ ਜ਼ਰੂਰੀ ਵਸਤਾਂ ਦੀ ਸਪਲਾਈ ਰੋਕੀ

ਤਲ ਅਵੀਵ, ਲੋਕ ਬਾਣੀ-ਇਜ਼ਰਾਈਲ ਨੇ ਐਤਵਾਰ ਨੂੰ ਗਾਜ਼ਾ ਪੱਟੀ ਵਿਚ ਜ਼ਰੂਰੀ ਵਸਤਾਂ ਦੀ ਸਪਲਾਈ ਰੋਕ ਦਿੱਤੀ ਹੈ। ਇਜ਼ਰਾਈਲ ਨੇ ਚੇਤਾਵਨੀ ਦਿੱਤੀ ਕਿ ਜੇ ਹਮਾਸ ਨੇ ਜੰਗਬੰਦੀ ਦੀ ਮਿਆਦ ਵਧਾਉਣ ਸਬੰਧੀ ਉਸ ਦੀ ਨਵੀਂ ਤਜਵੀਜ਼ ਸਵੀਕਾਰ ਨਾ ਕੀਤੀ ਤਾਂ ਉਹ 'ਹੋਰ ਸਿੱਟੇ ਭੁਗਤਣ' ਲਈ ਤਿਆਰ ਰਹੇ। ਉਧਰ ਹਮਾਸ ਨੇ ਇਜ਼ਰਾਈਲ 'ਤੇ ਮੌਜੂਦਾ ਜੰਗਬੰਦੀ ਕਰਾਰ ਨੂੰ ਲੀਹੋਂ ਲਾਉਣ ਦੀਆਂ ਕੋਸ਼ਿਸ਼ਾਂ ਦਾ ਦੋਸ਼



ਲਾਇਆ ਹੈ। ਹਮਾਸ ਨੇ ਕਿਹਾ ਕਿ ਜ਼ਰੂਰੀ ਵਸਤਾਂ ਦੀ ਸਪਲਾਈ 'ਤੇ ਰੋਕ ਲਾਉਣਾ 'ਧੱਕੇਸ਼ਾਹੀ, ਜੰਗੀ ਅਪਰਾਧ ਤੇ ਜੰਗਬੰਦੀ 'ਤੇ ਸਿੱਧਾ ਹਮਲਾ ਹੈ।

## ਇਮਰਾਨ ਖ਼ਾਨ ਨੇ ਜਮਹੂਰੀ ਤੇ ਖੇਤਰੀ ਸਥਿਰਤਾ ਲਈ ਆਲਮੀ ਮਦਦ ਮੰਗੀ

ਇਸਲਾਮਾਬਾਦ, ,ਲੋਕ ਬਾਣੀ-ਪਾਕਿਸਤਾਨ ਦੇ ਜੇਲ੍ਹ 'ਚ ਬੰਦ ਸਾਬਕਾ ਪ੍ਰਧਾਨ ਮੰਤਰੀ ਇਮਰਾਨ ਖ਼ਾਨ ਨੇ ਕੌਮਾਂਤਰੀ ਭਾਈਚਾਰੇ ਖਾਸਕਰ ਅਮਰੀਕਾ ਨੂੰ ਜਮਹੂਰੀਅਤ, ਮਨੁੱਖੀ ਅਧਿਕਾਰਾਂ ਤੇ ਖੇਤਰੀ ਸਥਿਰਤਾ ਪ੍ਰਤੀ ਆਪਣੀ ਵਚਨਬੱਧਤਾ ਦੀ ਪੁਸ਼ਟੀ ਕਰਨ ਦੀ ਅਪੀਲ ਕੀਤੀ ਹੈ। ਅਖ਼ਬਾਰ 'ਡਾਅਨ' ਨੇ ਕਿਹਾ ਕਿ 'ਟਾਈਮ' ਮੈਗਜ਼ੀਨ ਵਿੱਚ ਖ਼ਾਨ ਦੇ ਨਾਮ ਹੇਠ ਪ੍ਰਕਾਸ਼ਿਤ ਇੱਕ ਲੇਖ ਰਾਹੀਂ ਜੇਲ੍ਹ 'ਚ ਬੰਦ ਸਿਆਸਤਦਾਨ ਨੇ ਅਮਰੀਕਾ ਦੇ ਰਾਸ਼ਟਰਪਤੀ ਡੋਨਲਡ ਟਰੰਪ ਨੂੰ ਉਨ੍ਹਾਂ ਦੀ 'ਰਾਜਨੀਤਕ



ਵਾਪਸੀ' ਲਈ ਵਧਾਈ ਦਿੱਤੀ। ਇਹ ਹਾਲੇ ਸਪੱਸ਼ਟ ਨਹੀਂ ਹੈ ਕਿ ਇਹ ਲੇਖ ਅਸਲ 'ਚ ਖਾਨ ਨੇ ਲਿਖਿਆ ਹੈ ਜਾਂ ਨਹੀਂ ਅਤੇ ਇਹ ਮੈਗਜ਼ੀਨ ਤਕ ਕਿਵੇਂ ਪਹੁੰਚਾਇਆ ਗਿਆ। -

## ਸ੍ਰੀ ਗੁਰੂ ਅਮਰਦਾਸ ਜੀ ਦੇ ਵਿਰਾਸਤੀ ਘਰ ਗੁਰੂ ਕੇ ਮਹਿਲ (ਬਾਸਰਕੇ ਗਿਲਾਂ)ਵਿਖੇ ਕਾਰ ਸੇਵਾ ਦੀ ਜੈਕਾਰਿਆਂ ਦੀ ਗੂੰਜ ਵਿਚ ਸ਼ੁਰੂ

ਛੇਹਰਟਾ ਲੋਕ ਬਾਣੀ- ਸ੍ਰੀ ਗੁਰੂ ਅਮਰਦਾਸ ਜੀ ਦੇ ਵਿਰਾਸਤੀ ਘਰ ਗੁਰੂ ਕੇ ਮਹਿਲ (ਬਾਸਰਕੇ ਗਿਲਾਂ) ਦੀ ਕਾਰ ਸੇਵਾ ਦਾ ਟੱਕ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਗਿਆਨੀ ਰਘਬੀਰ ਸਿੰਘ,ਬਾਬਾ ਸੁਖਵਿੰਦਰ ਸਿੰਘ ਭੂਰੀ ਵਾਲੇ,ਬਾਬਾ ਸਤਨਾਮ ਸਿੰਘ ਕਿਲਾ ਅਨੰਦਗੜ੍ਹ ਵਾਲਿਆਂ ਦੇ ਜਥੇਦਾਰ ਸਿੰਘ, ਬਾਬਾ ਸੇਵਾ ਸਿੰਘ ਖਡੂਰ ਸਾਹਿਬ ਵਾਲਿਆਂ ਦੇ ਜਥੇਦਾਰ ਸਿੰਘ,ਸਾਬਕਾ



ਵਜ਼ੀਰ ਜਥੇ:ਗੁਲਜ਼ਾਰ ਸਿੰਘ ਰਣੀਕੇ ਸ਼੍ਰੋਮਣੀ ਕਮੇਟੀ ਮੈਂਬਰ ਮੰਗਵਿੰਦਰ ਸਿੰਘ ਖਾਪੜਖੇੜੀ,ਬਾਬਾ ਸੁਬੇਗ ਸਿੰਘ ਨੇ ਲਗਾ ਕੇ ਰਸਮੀ ਤੌਰ ਤੇ ਸੇਵਾ ਅਰੰਭ ਕਰਵਾਈ।

## ਬਚਾਅ ਕਾਰਜਾਂ ਵਿਚ ਲੱਗੀਆਂ ਟੀਮਾਂ ਨੂੰ ਰਿਹਾਇਸ਼ ਤੇ ਲੰਗਰ ਮੁਹੱਈਆ ਕਰ ਰਹੇ ਹਨ ਗੁਰਦੁਆਰੇ

ਅੰਮ੍ਰਿਤਸਰ, ਲੋਕ ਬਾਣੀ-ਉੱਤਰਾਖੰਡ ਵਿੱਚ ਬਦਰੀਨਾਥ ਧਾਮ ਨੇੜੇ ਪਿੰਡ ਮਾਣਾ ਕੋਲ ਬਰਫ ਹੇਠ ਦੱਬੇ ਮਜ਼ਦੂਰਾਂ ਨੂੰ ਬਾਹਰ ਕੱਢਣ ਲਈ ਚੱਲ ਰਹੇ ਬਚਾਅ ਕਾਰਜਾਂ ਦੌਰਾਨ ਗੁਰਦੁਆਰਾ ਸ਼੍ਰੀ ਹੇਮਕੁੰਟ ਸਾਹਿਬ ਮੈਨੇਜਮੈਂਟ ਟਰਸਟ ਵੱਲੋਂ ਬਚਾਅ ਟੀਮਾਂ ਦੇ ਮੈਂਬਰਾਂ ਨੂੰ ਗੁਰਦੁਆਰਿਆਂ ਵਿੱਚ ਰਿਹਾਇਸ਼ ਅਤੇ ਲੰਗਰ ਮੁਹੱਈਆ ਕਰਕੇ ਸਿੱਖ ਧਰਮ ਵਿੱਚ ਮਾਨਵਤਾ ਦੀ ਸੇਵਾ ਦੇ ਸਿਧਾਂਤ ਤਹਿਤ ਸੇਵਾ ਦਾ ਫਰਜ਼ ਨਿਭਾਇਆ ਜਾ ਰਿਹਾ ਹੈ। ਇਸ ਵੇਲੇ ਬਚਾਅ ਕਾਰਜਾਂ ਵਿੱਚ



ਲੱਗੇ ਵੱਖ-ਵੱਖ ਏਜੰਸੀਆਂ ਦੇ 150 ਤੋਂ ਵੱਧ ਮੈਂਬਰ ਇਥੇ ਗੁਰਦੁਆਰਾ ਸ੍ਰੀ ਗੋਬਿੰਦ ਘਾਟ ਅਤੇ ਗੁਰਦੁਆਰਾ ਸ੍ਰੀ ਜੋਸ਼ੀ ਮਠ ਵਿਖੇ ਠਹਿਰੇ ਹੋਏ ਹਨ।

## ਵਿਜੀਲੈਂਸ ਨੇ ਏ.ਐਸ.ਆਈ. ਅਤੇ ਸੀਨੀਅਰ ਕਾਂਸਟੇਬਲ ਨੂੰ 50 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਕੀਤਾ ਕਾਬੂ

ਬਰਨਾਲਾ,ਲੋਕ ਬਾਣੀ ਵਿਜੀਲੈਂਸ ਵਿਭਾਗ ਬਰਨਾਲਾ ਵਲੋਂ ਪੁਲਿਸ ਥਾਣਾ ਮਹਿਲ ਕਲਾਂ ਵਿਖੇ ਤਾਇਨਾਤ ਦੋ ਪੁਲਿਸ ਮੁਲਾਜ਼ਮਾਂ ਨੂੰ 50 ਹਜ਼ਾਰ ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਗਿਆ ਹੈ। ਵਿਜੀਲੈਂਸ ਬਰਨਾਲਾ ਦੇ ਇੰਸਪੈਕਟਰ ਗੁਰਮੇਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪਰਮਿੰਦਰ ਕੌਰ ਵਾਸੀ ਪਿੰਡ ਰਾਏਸਰ ਪਟਿਆਲਾ ਵਲੋਂ ਵਿਜੀਲੈਂਸ ਨੂੰ ਸ਼ਿਕਾਇਤ ਕੀਤੀ ਗਈ ਸੀ ਕਿ ਥਾਣਾ ਮਹਿਲ ਕਲਾਂ ਵਿਖੇ ਤਾਇਨਾਤ ਏ.ਐਸ.ਆਈ. ਜੱਗਾ ਸਿੰਘ ਅਤੇ ਹੌਲਦਾਰ ਗੁਰਪ੍ਰੀਤ ਸਿੰਘ ਵਲੋਂ



ਪਿਛਲੇ ਦਿਨੀਂ ਥਾਣਾ ਮਹਿਲ ਕਲਾਂ ਵਿਖੇ ਪਿੰਡ ਰਾਏਸਰ ਸ਼ਰਾਬ ਦੇ ਠੇਕੇ ਤੋਂ ਚੋਰੀ ਹੋਈ ਸ਼ਰਾਬ ਸੰਬੰਧੀ ਦਰਜ ਮੁਕੱਦਮੇ ਵਿਚ ਫੜੇ ਗਏ

## ਫਿਲੌਰ ਦੇ ਪਿੰਡ ਖਾਨਪੁਰ 'ਚ ਬੁਲਡੋਜ਼ਰ ਐਕਸ਼ਨ, ਨਸ਼ਾ ਤਸਕਰ ਦਾ ਘਰ ਢਾਹਿਆ


ਫਿਲੌਰ, ਲੋਕ ਬਾਣੀ-ਜਲੰਧਰ ਦਿਹਾਤੀ ਪੁਲੀਸ ਨੇ ਅੱਜ ਨਸ਼ੇ ਕਾਰਨ ਬਦਨਾਮ ਪਿੰਡ ਖਾਨਪੁਰ ਵਿੱਚ ਵੱਡੀ ਕਾਰਵਾਈ ਕਰਦਿਆਂ ਬੁਲਡੋਜ਼ਰ ਚਲਾ ਕੇ ਨਸ਼ੇ ਦੇ ਕਾਰੋਬਾਰ 'ਚ ਲੱਗੇ ਵਿਅਕਤੀ ਦਾ ਘਰ ਢਾਹ ਦਿੱਤਾ।ਇਸ ਪੂਰੀ ਕਾਰਵਾਈ ਦੀ ਅਗਵਾਈ ਜਲੰਧਰ ਦਿਹਾਤੀ ਦੇ ਐੱਸਐੱਸਪੀ ਹਰਕਮਲਪ੍ਰੀਤ ਸਿੰਘ ਖੱਖ, ਐੱਸਪੀ ਮਨਪ੍ਰੀਤ ਢਿੱਲੋਂ, ਐੱਸਪੀ



ਮੁਖਤਿਆਰ ਰਾਏ, ਡੀਐੱਸਪੀ ਫਿਲੌਰ ਸਰਵਣ ਸਿੰਘ ਬੱਲ, ਥਾਣਾ ਮੁਖੀ ਸੰਜੀਵ ਕਪੂਰ ਕਰ ਰਹੇ ਹਨ।

## ਅਜਨਾਲਾ ਨੇੜੇ ਅਣਪਛਾਤੇ ਨੌਜਵਾਨਾਂ ਨੇ ਬੱਸ ਨੂੰ ਮਾਰੇ ਪੱਥਰ, ਕੰਡਕਟਰ ਦਾ ਪੈਸਿਆਂ ਵਾਲਾ ਬੈਗ ਖੋਹਣ ਦੀ ਵੀ ਕੀਤੀ ਕੋਸ਼ਿਸ਼

ਅਜਨਾਲਾ, ਲੋਕ ਬਾਣੀ- ਅਜਨਾਲਾ ਸ਼ਹਿਰ ਦੇ ਬਾਹਰਵਾਰ ਸੱਕੀ ਪੁਲ ਨਜ਼ਦੀਕ ਦੇਰ ਸ਼ਾਮ ਅਣਪਛਾਤੇ ਨੌਜਵਾਨਾਂ ਵਲੋਂ ਅਜਨਾਲਾ ਤੋਂ ਰਮਦਾਸ ਵਾਲੀ ਸਾਈਡ ਨੂੰ ਜਾ ਰਹੀ ਬੱਸ ਨੂੰ ਰੋਕ ਕੇ ਉਸ ਤੇ ਪੱਥਰਬਾਜ਼ੀ ਕੀਤੀ ਅਤੇ ਕੰਡਕਟਰ ਦਾ ਪੈਸਿਆਂ ਵਾਲਾ ਬੈਗ ਖੋਹਣ ਦੀ ਕੋਸ਼ਿਸ਼ ਕੀਤੀ ਗਈ। ਬੱਸ ਵਿਚ ਬੈਠੀਆਂ ਸਵਾਰੀਆਂ ਤੇ ਡਰਾਈਵਰ ਕੰਡਕਟਰ ਵਲੋਂ ਇਕ ਵਿਅਕਤੀ ਨੂੰ ਕਾਬੂ ਕਰਕੇ ਥਾਣਾ ਅਜਨਾਲਾ ਦੀ ਪੁਲਿਸ ਦੇ ਹਵਾਲੇ ਕਰ



ਦਿੱਤਾ ਗਿਆ ਹੈ। ਜਾਣਕਾਰੀ ਸਾਂਝੀ ਕਰਦਿਆਂ ਥਾਣਾ ਅਜਨਾਲਾ ਦੇ ਐਸ. ਐਚ.ਓ. ਸਬ ਇੰਸਪੈਕਟਰ ਸਤਨਾਮ ਸਿੰਘ ਨੇ ਦੱਸਿਆ

## ਸੰਗਰੂਰ 'ਚ ਮੁੱਖ ਮੰਤਰੀ ਦੀ ਕੋਠੀ ਅੱਗੇ ਬੇਰੁਜ਼ਗਾਰਾਂ ਅਤੇ ਪੁਲੀਸ ਦਰਮਿਆਨ ਖਿੱਚ-ਧੂਹ

ਸੰਗਰੂਰ, ਲੋਕ ਬਾਣੀ ---ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਪੁੱਜੇ ਬੇਰੁਜ਼ਗਾਰਾਂ ਅਤੇ ਪੁਲੀਸ ਦਰਮਿਆਨ ਝੜਪ ਹੋਈ ਜਿਸ ਦੌਰਾਨ ਇੱਕ ਬੇਰੁਜ਼ਗਾਰ ਦੀ ਪੱਗ, ਕਈ ਮਹਿਲਾ ਬੇਰੁਜ਼ਗਾਰ ਅਧਿਆਪਕਾਂ ਦੀਆਂ ਚੁੰਨੀਆਂ ਲੱਥ ਗਈਆਂ ਅਤੇ ਇੱਕ ਡੀਐਸਪੀ ਦੀ ਵਰਦੀ ਦਾ ਬੈਜ ਵੀ ਉਖੜ ਗਿਆ। ਖਿੱਚ-ਧੂਹ ਦੌਰਾਨ ਪੁਲੀਸ ਪੰਜ ਪ੍ਰਦਰਸ਼ਨਕਾਰੀ ਲੜਕੀਆਂ ਸਮੇਤ ਅੱਠ ਬੇਰੁਜ਼ਗਾਰਾਂ ਨੂੰ ਜਬਰੀ ਧੂਹ ਕੇ ਲੈ ਗਈ ਅਤੇ ਹਿਰਾਸਤ 'ਚ ਲੈ ਕੇ ਬੱਸ 'ਚ ਬਿਠਾ ਲਿਆ। ਇੱਕ ਪ੍ਰਦਰਸ਼ਨਕਾਰੀ ਲੜਕੀ



ਨੂੰ ਤਾਂ ਪੁਲੀਸ ਨੇ ਲੱਤਾਂ-ਬਾਹਾਂ ਤੋਂ ਫੜ ਘਸੀਟਦਿਆਂ ਜਬਰੀ ਹਿਰਾਸਤ 'ਚ ਲਿਆ। ਪ੍ਰਦਰਸ਼ਨਕਾਰੀਆਂ ਨੂੰ ਅੱਗੇ ਵਧਣ ਤੋਂ ਰੋਕਣ ਲਈ ਪੁਲੀਸ ਨੂੰ ਭਾਰੀ ਜਦੋਜਹਿਦ ਕਰਨੀ ਪਈ।




ਪੰਜਾਬ ਦੇ ਹਰ ਜ਼ਿਲ੍ਹੇ ਤੋਂ ਰੋਜ਼ਾਨਾ ਲੋਕ ਬਾਣੀ ਅਖ਼ਬਾਰ ਲਈ ਪੱਤਰਕਾਰਾਂ ਦੀ ਲੋੜ ਹੈ ਚਾਹਵਾਨ ਪੱਤਰਕਾਰ ਸੰਪਰਕ ਕਰਨ ਮੁੱਖ ਦਫਤਰ
ਲੋਕ ਬਾਣੀ ਸੰਗਮ ਕੰਪਲੈਕਸ, ਮਿਲਾਪ ਚੌਕ ਜਲੰਧਰ 99155-94111

# ਜਲੰਧਰ ਚ ਸੋਨੂੰ ਖੱਤਰੀ ਗੈਂਗ ਦੇ 2 ਗੈਂਗਸਟਰਾਂ ਦਾ ਐਨਕਾਊਂਟਰ , ਜਵਾਬੀ ਕਾਰਵਾਈ ਚ ਦੋਵੇਂ ਜ਼ਖ਼ਮੀ




ਜਲੰਧਰ (ਲੋਕ ਬਾਣੀ)- ਪੰਜਾਬ ਦੇ ਜਲੰਧਰ ਵਿੱਚ ਅੱਜ ਸਵੇਰੇ ਸਿਟੀ ਪੁਲਿਸ ਦੀ ਟੀਮ ਨੇ ਗੈਂਗਸਟਰ ਸੋਨੂੰ ਖੱਤਰੀ ਦੇ ਦੋ ਗੁਰਗਿਆਂ ਨੂੰ ਐਨਕਾਊਂਟਰ ਕੀਤਾ ਹੈ। ਦੋਵੇਂ ਬਦਮਾਸ਼ਾਂ ਨੂੰ ਗੋਲੀਆਂ ਲੱਗੀਆਂ ਹਨ। ਇਹ ਕਾਰਵਾਈ ਥਾਣਾ ਸਿਟੀ ਦੇ ਸੀਆਈਏ ਸਟਾਫ਼ ਦੀ ਟੀਮ ਨੇ ਸੁੱਚੀਪਿੰਡ ਸ਼ਮਸ਼ਾਨਘਾਟ ਨੇੜੇ ਕੀਤੀ ਹੈ। ਟੀਮ ਦੀ ਅਗਵਾਈ ਜਲੰਧਰ ਸੀਆਈਏ ਸਟਾਫ਼ ਦੇ ਇੰਚਾਰਜ ਸੁਰਿੰਦਰ ਸਿੰਘ ਕੰਬੋਜ ਕਰ ਰਹੇ ਸਨ।ਮੁੱਢਲੀ ਜਾਣਕਾਰੀ ਅਨੁਸਾਰ ਸੀਆਈਏ ਟੀਮ ਨੂੰ ਸੂਚਨਾ ਮਿਲੀ ਸੀ ਕਿ ਉਕਤ ਜਗ੍ਹਾ ਤੇ ਗੈਂਗਸਟਰਾਂ ਦੀ ਆਵਾਜਾਈ ਹੈ, ਸੂਚਨਾ ਦੇ ਆਧਾਰ ਤੇ ਟੀਮ ਨੇ ਛਾਪਾ ਮਾਰ ਕੇ ਮੁਲਜ਼ਮਾਂ ਨੂੰ ਕਾਬੂ ਕਰਨ ਦੀ ਕੋਸ਼ਿਸ਼ ਕੀਤੀ। ਪਰ ਮੁਲਜ਼ਮਾਂ ਨੇ ਪੁਲੀਸ ਪਾਰਟੀ ਨੂੰ ਦੇਖ ਕੇ ਗੋਲੀਆਂ ਚਲਾ ਦਿੱਤੀਆਂ। ਜਿਸ ਵਿੱਚ ਪੁਲਿਸ ਮੁਲਾਜ਼ਮ ਵਾਲ-ਵਾਲ ਬਚ ਗਏ। ਜਿਸ ਤੋਂ ਬਾਅਦ ਪੁਲਿਸ ਨੇ ਤੁਰੰਤ ਜਵਾਬੀ ਕਾਰਵਾਈ ਕਰਦੇ ਹੋਏ ਦੋਵਾਂ ਗੈਂਗਸਟਰਾਂ ਤੇ ਗੋਲੀਬਾਰੀ ਕੀਤੀ। ਦੋਵੇਂ ਜ਼ਖ਼ਮੀ ਹੋ ਗਏ। ਮੌਕੇ ਤੇ ਆਹਮੋ-ਸਾਹਮਣੇ 10 ਦੇ ਕਰੀਬ ਗੋਲੀਆਂ ਚਲਾਈਆਂ ਗਈਆਂ। ਜਲੰਧਰ ਪੁਲਿਸ ਨਾਲ ਜੁੜੇ ਸੂਤਰਾਂ ਅਨੁਸਾਰ ਪੁਲਿਸ ਨੇ ਦੋ ਜ਼ਖ਼ਮੀ ਗੈਂਗਸਟਰਾਂ ਕੋਲੋਂ ਦੋ ਅਤਿ ਆਧੁਨਿਕ ਹਥਿਆਰ ਬਰਾਮਦ ਕੀਤੇ ਹਨ। ਅੱਜ ਸਵੇਰੇ ਸੀ.ਆਈ.ਏ ਸਟਾਫ਼ ਦੀ ਟੀਮ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਉਕਤ ਸਥਾਨ ਤੇ ਸੋਨੂੰ ਖੱਤਰੀ ਗਰੋਹ ਦੇ ਕੁਝ ਕਾਰਕੁਨਾਂ ਦੀ ਹਲਚਲ ਹੋਈ ਹੈ। ਜੋ ਪੰਜਾਬ ਵਿੱਚ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਯੋਜਨਾ ਬਣਾ ਰਿਹਾ ਹੈ। ਜਿਸ ਤੋਂ ਬਾਅਦ ਸੀਆਈਏ ਸਟਾਫ਼ ਦੇ ਇੰਚਾਰਜ ਸੁਰਿੰਦਰ ਸਿੰਘ ਕੰਬੋਜ ਆਪਣੀ ਟੀਮ ਨਾਲ ਜਾਲ ਵਿਛਾਉਣ ਲਈ ਪੁੱਜੇ। ਪ੍ਰਾਪਤ ਜਾਣਕਾਰੀ ਅਨੁਸਾਰ ਟੀਮ ਮੁਲਜ਼ਮਾਂ ਦਾ ਪਿੱਛਾ ਕਰ ਰਹੀ ਸੀ ਤਾਂ ਮੁਲਜ਼ਮਾਂ ਨੇ ਗੋਲੀਆਂ ਚਲਾ ਦਿੱਤੀਆਂ।ਖੁਸ਼ਕਿਸਮਤੀ ਇਹ ਰਹੀ ਕਿ ਕਿਸੇ ਮੁਲਾਜ਼ਮ ਨੂੰ ਗੋਲੀ ਨਹੀਂ ਲੱਗੀ। ਪਰ ਸ਼ਹਿਰ ਦੇ ਕੁਝ ਪੁਲਿਸ ਮੁਲਾਜ਼ਮਾਂ ਨੂੰ ਮਾਮੂਲੀ ਸੱਟਾਂ ਜ਼ਰੂਰ ਲੱਗੀਆਂ ਹਨ। ਇਸ ਦੇ ਨਾਲ ਹੀ ਮੁਕਾਬਲੇ ਚ ਜ਼ਖ਼ਮੀ ਹੋਏ ਬਦਮਾਸ਼ਾਂ ਦੀ ਹਾਲਤ ਵੀ ਨਾਜ਼ੁਕ ਬਣੀ ਹੋਈ ਹੈ। ਸਿਟੀ ਪੁਲੀਸ ਦੇ ਸੀਨੀਅਰ ਅਧਿਕਾਰੀ ਮੌਕੇ 'ਤੇ ਪਹੁੰਚ ਗਏ ਹਨ। ਉੱਚ ਅਧਿਕਾਰੀਆਂ ਦੀ ਦੇਖ-ਰੇਖ ਚ ਜ਼ਖ਼ਮੀ ਬਦਮਾਸ਼ਾਂ ਨੂੰ ਤੁਰੰਤ ਇਲਾਜ ਲਈ ਹਸਪਤਾਲ ਚ ਦਾਖਲ ਕਰਵਾਇਆ ਗਿਆ। ਜਲਦੀ ਹੀ ਮੁਲਜ਼ਮਾਂ ਤੋਂ ਪੁੱਛਗਿੱਛ ਕਰਕੇ ਹੋਰ ਹਥਿਆਰ ਵੀ ਬਰਾਮਦ ਕਰ ਲਏ ਜਾਣਗੇ।

# ਨਗਰ ਕੌਂਸਲ ਤਰਨ ਤਾਰਨ, ਡੇਰਾ ਬਾਬਾ ਨਾਨਕ ਅਤੇ ਤਲਵਾੜਾ ਦੀਆਂ ਆਮ ਚੋਣਾਂ ਲਈ ਕ੍ਰਮਵਾਰ 54.06 ਫ਼ੀਸਦ, 73.50 ਫ਼ੀਸਦ ਅਤੇ 61.31 ਫ਼ੀਸਦ ਵੋਟਿੰਗ ਹੋਈ



ਚੰਡੀਗੜ੍ਹ (ਲੋਕ ਬਾਣੀ) ਪੰਜਾਬ ਰਾਜ ਚੋਣ ਕਮਿਸ਼ਨ ਦੇ ਬੁਲਾਰੇ ਨੇ ਦੱਸਿਆ ਕਿ ਤਿੰਨ ਨਗਰ ਕੌਂਸਲਾਂ ਤਰਨ ਤਾਰਨ (ਜ਼ਿਲ੍ਹਾ ਤਰਨ ਤਾਰਨ), ਡੇਰਾ ਬਾਬਾ ਨਾਨਕ (ਜ਼ਿਲ੍ਹਾ ਗੁਰਦਾਸਪੁਰ) ਅਤੇ ਤਲਵਾੜਾ (ਜ਼ਿਲ੍ਹਾ ਹੁਸ਼ਿਆਰਪੁਰ) ਦੀਆਂ ਆਮ ਚੋਣਾਂ ਅੱਜ ਸ਼ਾਂਤੀਪੂਰਨ ਢੰਗ ਨਾਲ ਮੁਕੰਮਲ ਹੋ ਗਈਆਂ ਹਨ।

ਸਬੰਧਤ ਜ਼ਿਲ੍ਹਾ ਚੋਣ ਅਧਿਕਾਰੀਆਂ ਦੀ ਰਿਪੋਰਟ ਮੁਤਾਬਕ, ਨਗਰ ਕੌਂਸਲ ਤਰਨ ਤਾਰਨ (ਜ਼ਿਲ੍ਹਾ ਤਰਨ ਤਾਰਨ), ਡੇਰਾ ਬਾਬਾ ਨਾਨਕ (ਜ਼ਿਲ੍ਹਾ ਗੁਰਦਾਸਪੁਰ) ਅਤੇ ਤਲਵਾੜਾ (ਜ਼ਿਲ੍ਹਾ ਹੁਸ਼ਿਆਰਪੁਰ) ਵਿੱਚ ਕ੍ਰਮਵਾਰ 54.06 ਫ਼ੀਸਦ, 73.50 ਫ਼ੀਸਦ ਅਤੇ 61.31 ਫ਼ੀਸਦ ਵੋਟਿੰਗ ਹੋਈ।

ਉਨ੍ਹਾਂ ਅੱਗੇ ਦੱਸਿਆ ਕਿ ਨਗਰ ਕੌਂਸਲ ਤਰਨ ਤਾਰਨ ਦੇ ਵਾਰਡ ਨੰਬਰ 3 ਲਈ 04.03.2025 ਨੂੰ ਸਵੇਰੇ 07:00 ਵਜੇ ਤੋਂ ਸ਼ਾਮ 04:00 ਵਜੇ ਤੱਕ ਦੁਬਾਰਾ ਵੋਟਿੰਗ ਕਰਵਾਉਣ ਦੇ ਹੁਕਮ ਦਿੱਤੇ ਗਏ ਹਨ ਅਤੇ ਵੋਟਾਂ ਦੀ ਗਿਣਤੀ ਵੀ ਉਸੇ ਦਿਨ ਹੋਵੇਗੀ। ਇਸ ਸਬੰਧੀ ਡਿਪਟੀ ਕਮਿਸ਼ਨਰ-ਕਮ-ਡੀ.ਈ.ਓ, ਤਰਨ ਤਾਰਨ ਨੂੰ ਸਾਰੇ ਲੋੜੀਂਦੇ ਪ੍ਰਬੰਧ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।

# ਯੁੱਧ ਨਸ਼ਿਆਂ ਵਿਰੁੱਧ ; ਫਿਲੌਰ ਦੇ ਪਿੰਡ ਖ਼ਾਨਪੁਰ ਅਤੇ ਮੰਡੀ 'ਚ ਨਸ਼ਾ ਸਮੱਗਲਰਾਂ ਵਲੋਂ ਕੀਤੀਆਂ ਗਈਆਂ ਅਣ-ਅਧਿਕਾਰਤ ਉਸਾਰੀਆਂ ਨੂੰ ਢਾਹਿਆ



ਚੰਡੀਗੜ੍ਹ/ਜਲੰਧਰ,(ਲੋਕ ਬਾਣੀ)- ਪੰਜਾਬ ਸਰਕਾਰ ਵਲੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਦੇ ਖਾਤਮੇ ਅਤੇ ਨਸ਼ਾ ਤਸਕਰਾਂ ਵਲੋਂ ਕੀਤੇ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਉਣ ਲਈ ਜਲੰਧਰ ਦਿਹਾਤੀ ਪੁਲਿਸ ਵਲੋਂ ਸਥਾਨਕ ਸਿਵਲ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਸਬ ਡਵੀਜ਼ਨ ਫਿਲੌਰ ਦੇ ਪਿੰਡ ਖਾਨਪੁਰ ਅਤੇ ਮੰਡੀ ਦੀ ਪੰਚਾਇਤੀ ਜ਼ਮੀਨ 'ਤੇ ਹੋਈਆਂ ਅਣਅਧਿਕਾਰਤ ਉਸਾਰੀਆਂ ਨੂੰ ਅੱਜ ਢਾਹਿਆ ਗਿਆ। ਇਹ ਗੈਰ ਕਾਨੂੰਨੀ ਉਸਾਰੀਆਂ ਦੋ ਵਿਅਕਤੀ ਜਿਨ੍ਹਾਂ ਦਾ ਨਸ਼ਿਆਂ ਦੇ ਕਾਰੋਬਾਰ ਨਾਲ ਸਬੰਧ ਹੈ, ਵਲੋਂ ਕੀਤੀਆਂ ਗਈਆ ਸਨ, ਜਿਨ੍ਹਾਂ ਨੂੰ ਕਾਨੂੰਨੀ ਪ੍ਰਕਿਰਿਆ ਮੁਕੰਮਲ ਕਰਨ ਉਪਰੰਤ ਢਾਹਿਆ ਗਿਆ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਐਸ. ਐਸ.ਪੀ. ਜਲੰਧਰ (ਦਿਹਾਤੀ) ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ (ਬੀ.ਡੀ.ਪੀ.ਓ.) ਫਿਲੌਰ ਜਿਸ ਨੂੰ ਇਹਨਾਂ ਗੈਰ ਕਾਨੂੰਨੀ ਉਸਾਰੀਆਂ ਨੂੰ ਢਾਹੁਣ ਲਈ ਪੁਲਿਸ ਸਹਾਇਤਾ ਦੀ ਲੋੜ ਸੀ, ਦੀ ਬੇਨਤੀ 'ਤੇ ਕਰਵਾਈ ਕਰਦਿਆਂ ਢਾਹਿਆ ਗਿਆ ਹੈ। ਇਹ ਕਾਰਵਾਈ ਸਿੱਧੇ ਤੌਰ 'ਤੇ ਜਸਵੀਰ ਸਿੰਘ ਉਰਫ਼ ਸ਼ੀਰਾ ਪੁੱਤਰ ਦਲਵੀਰ ਉਰਫ਼ ਬੁਰ ਵਾਸੀ ਖਾਨਪੁਰ ਅਤੇ ਭੋਲੀ ਪਤਨੀ ਰਾਮਪਾਲ ਉਰਫ਼ ਰਾਮਾ ਵਾਸੀ ਪਿੰਡ ਮੰਡੀ ਵਿਰੁੱਧ ਕੀਤੀ ਗਈ ਹੈ। ਇਨ੍ਹਾਂ ਦੋਵਾਂ ਵਲੋਂ ਪੰਚਾਇਤੀ ਜ਼ਮੀਨਾਂ ਉਤੇ ਗੈਰ-ਕਾਨੂੰਨੀ ਢੰਗ ਨਾਲ ਕਬਜ਼ਾ ਕੀਤਾ ਹੋਇਆ ਸੀ।

ਐਸ.ਐਸ.ਪੀ. ਖੱਖ ਨੇ ਦੱਸਿਆ ਕਿ ਰਿਕਾਰਡ ਅਨੁਸਾਰ ਭੋਲੀ ਨਸ਼ਾ ਸਮੱਗਲਰ ਹੈ ਅਤੇ ਐਨ.ਡੀ.ਪੀ.ਐਸ.ਐਕਟ ਤਹਿਤ ਕਈ ਕੇਸਾਂ ਵਿੱਚ ਸ਼ਾਮਿਲ ਹੈ। ਇਸ ਕੋਲੋਂ ਸਾਲ 2005 ਵਿੱਚ 1.190 ਕਿਲੋਗ੍ਰਾਮ ਸਮੈਕ ਬਰਾਮਦ ਕੀਤੀ ਗਈ। ਇਸ ਤੋਂ ਇਲਾਵਾ ਸਾਲ 2015 ਵਿੱਚ 2 ਕਿਲੋ ਭੁੱਕੀ ਜ਼ਬਤ ਕੀਤੀ ਗਈ ਅਤੇ ਸਾਲ 2022 ਵਿੱਚ ਵੀ ਭਾਰੀ ਮਾਤਰਾ ਵਿੱਚ ਡਰੱਗ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਜਸਵੀਰ ਸਿੰਘ ਉਰਫ਼ ਸ਼ੀਰਾ ਦਾ ਨਾਮ ਵੀ ਕਈ ਕੇਸਾਂ ਜਿਵੇਂ ਕਿ ਵੱਡੀ ਮਾਤਰਾ ਵਿੱਚ ਚਰਸ ਅਤੇ ਨਸ਼ੇ ਦੇ ਟੀਕੇ ਬਰਾਮਦ ਕਰਨਾ, ਵਿੱਚ ਸ਼ਾਮਿਲ ਹੈ।

ਐਸ.ਐਸ.ਪੀ. ਖੱਖ ਨੇ ਕਿਹਾ ਕਿ ਪੁਲਿਸ ਵਲੋਂ ਮਾਲ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨਾਲ ਮਿਲ ਕੇ ਗੈਰ ਕਾਨੂੰਨੀ ਉਸਾਰੀਆਂ ਨੂੰ ਸੁਚੱਜੇ ਢੰਗ ਨਾਲ ਢਾਹਿਆ ਗਿਆ। ਅਧਿਕਾਰੀਆਂ ਵਲੋਂ ਇਹ ਯਕੀਨੀ ਬਣਾਇਆ ਗਿਆ ਕਿ ਇਹ ਜ਼ਮੀਨ ਗਰਾਮ ਪੰਚਾਇਤ ਨਾਲ ਸਬੰਧਿਤ ਹੈ ਅਤੇ ਇਸ 'ਤੇ ਮੁਲਜ਼ਮਾਂ ਵਲੋਂ ਗੈਰ ਕਾਨੂੰਨੀ ਢੰਗ ਨਾਲ ਕਬਜ਼ਾ ਕੀਤਾ ਹੋਇਆ ਸੀ।

ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਜਲੰਧਰ ਦਿਹਾਤੀ ਪੁਲਿਸ ਵਲੋਂ ਗੈਰ ਕਾਨੂੰਨੀ ਕਬਜ਼ਿਆਂ ਖਿਲਾਫ਼ ਕਾਰਵਾਈ ਨੂੰ ਜਾਰੀ ਰੱਖਿਆ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਜਨਤਕ ਜ਼ਮੀਨ 'ਤੇ ਗੈਰ ਕਾਨੂੰਨੀ ਕਬਜ਼ੇ ਕਰਕੇ ਕੋਈ ਵਿਅਕਤੀ ਲਾਭ ਨਾ ਉਠਾ ਸਕੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੀਆਂ ਗੈਰ ਕਾਨੂੰਨੀ ਗਤੀਵਿਧੀਆਂ ਸਬੰਧੀ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਭਰੋਸਾ ਦੁਆਇਆ ਕਿ ਦੋਸ਼ੀਆ ਖਿਲਾਫ਼ ਤੁਰੰਤ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਐਸ.ਐਸ.ਪੀ. ਖੱਖ ਨੇ ਦੱਸਿਆ ਕਿ ਇਹ ਦੋਵੇਂ ਨਸ਼ਾ ਤਸਕਰ ਅਕਸਰ ਹੀ ਪਿੰਡ ਵਾਸੀਆਂ ਨੂੰ ਡਰਾਉਂਦੇ ਧਮਕਾਉਂਦੇ ਵੀ ਰਹਿੰਦੇ ਸਨ, ਜਿਸ ਸਦਕਾ ਸਥਾਨਕ ਲੋਕਾਂ ਵੱਲੋਂ ਪੰਜਾਬ ਸਰਕਾਰ ਦੀ ਇਸ ਕਾਰਵਾਈ ਦਾ ਸਵਾਗਤ ਕੀਤਾ ਜਾ ਰਿਹਾ ਹੈ।

ਇਸ ਮੌਕੇ ਪਿੰਡ ਖਾਨਪੁਰ ਦੀ ਸਰਪੰਚ ਪਰਮਜੀਤ ਕੌਰ ਅਤੇ ਸਥਾਨਕ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵਲੋਂ ਨਸ਼ਾ ਤਸਕਰਾਂ ਖਿਲਾਫ਼ ਕੀਤੀ ਗਈ ਇਸ ਕਾਰਵਾਈ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਉਹ ਪੰਜਾਬ ਸਰਕਾਰ ਵਲੋਂ ਸੂਬੇ ਵਿੱਚ ਨਸ਼ਿਆਂ ਨੂੰ ਖ਼ਤਮ ਕਰਨ ਲਈ ਕੀਤੇ ਜਾ ਰਹੇ ਇਹਨਾਂ ਉਪਰਾਲਿਆਂ ਦਾ ਉਹ ਸਵਾਗਤ ਕਰਦੇ ਹਨ।

# 2025-26 ਦੌਰਾਨ 2100 ਹੈਕਟੇਅਰ ਰਕਬਾ ਜੰਗਲਾਤ ਹੇਠ ਲਿਆਂਦਾ ਜਾਵੇਗਾ

ਚੰਡੀਗੜ੍ਹ, (ਲੋਕ ਬਾਣੀ)ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਵਿੱਚ ਵੱਧ ਤੋਂ ਵੱਧ ਰੁੱਖ ਲਗਾ ਕੇ ਜੰਗਲਾਤ ਹੇਠ ਰਕਬਾ ਵਧਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ ਤਾਂ ਜੋ ਸਾਫ਼ ਅਤੇ ਹਰਿਆ-ਭਰਿਆ ਵਾਤਾਵਰਣ ਯਕੀਨੀ ਬਣਾਇਆ ਜਾ ਸਕੇ।

ਇਸ ਉਦੇਸ਼ ਨੂੰ ਪ੍ਰਾਪਤ ਕਰਨ ਲਈ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਨਿਰੰਤਰ ਤੇ ਸੁਹਿਰਦ ਯਤਨ ਕੀਤੇ ਜਾ ਰਹੇ ਹਨ। 'ਦ ਪੰਜਾਬ ਸਟੇਟ ਕੰਪਨਸੇਟਰੀ ਏਫੌਰੈਸਟੇਸ਼ਨ ਫੰਡ ਮੈਨੇਜਮੈਂਟ ਐਂਡ ਪਲੈਨਿੰਗ ਅਥਾਰਿਟੀ' (ਪਨਕੈਂਪਾ) ਸਕੀਮ ਤਹਿਤ, ਸਾਲ 2025-26 ਲਈ ਸਾਲਾਨਾ ਸੰਚਾਲਨ ਯੋਜਨਾ (ਏ.ਪੀ.ਓ.) ਨੂੰ ਰਾਜ ਅਥਾਰਟੀ ਦੀ ਸਟੀਅਰਿੰਗ ਕਮੇਟੀ ਦੀ ਪ੍ਰਵਾਨਗੀ ਤੋਂ ਬਾਅਦ ਅੰਤਿਮ ਪ੍ਰਵਾਨਗੀ ਲਈ ਰਾਸ਼ਟਰੀ ਅਥਾਰਟੀ, ਨਵੀਂ ਦਿੱਲੀ ਨੂੰ ਸੌਂਪ ਦਿੱਤਾ ਗਿਆ ਹੈ। ਸਾਲ 2025-26 ਦੌਰਾਨ 2100 ਹੈਕਟੇਅਰ ਰਕਬੇ ਨੂੰ ਜੰਗਲਾਤ ਹੇਠ ਲਿਆਉਣ ਦਾ ਪ੍ਰਸਤਾਵ ਹੈ। ਸਾਲ 2024-25 ਦੌਰਾਨ, 1932 ਹੈਕਟੇਅਰ ਖੇਤਰ ਵਿੱਚ ਬੂਟੇ ਲਗਾਏ ਗਏ ਸਨ।

ਜ਼ਿਕਰਯੋਗ ਹੈ ਕਿ ਕੇਂਦਰ ਸਰਕਾਰ ਵਲੋਂ ਬਣਾਏ ਗਏ ਕੰਪਨਸੇਟਰੀ ਏਫੌਰੈਸਟੇਸ਼ਨ ਫੰਡ ਐਕਟ, 2016 ਅਤੇ ਕੰਪਨਸੇਟਰੀ ਏਫੌਰੈਸਟੇਸ਼ਨ ਫੰਡ ਰੂਲਜ਼, 2018 ਦੇ ਉਪਬੰਧਾਂ ਤਹਿਤ ਹਰ ਸਾਲ ਰਾਜ ਅਥਾਰਟੀ (ਸੀਏਐਮਪੀਏ) ਦੀ ਸੰਚਾਲਨ ਯੋਜਨਾ ਤਿਆਰ ਕੀਤੀ ਜਾਂਦੀ ਹੈ ਅਤੇ ਇਸਨੂੰ ਸਟੀਅਰਿੰਗ ਕਮੇਟੀ ਦੀ ਪ੍ਰਵਾਨਗੀ ਤੋਂ ਬਾਅਦ ਰਾਸ਼ਟਰੀ ਅਥਾਰਿਟੀ, ਨਵੀਂ ਦਿੱਲੀ ਵੱਲੋਂ ਅੰਤਿਮ ਪ੍ਰਵਾਨਗੀ ਦਿੱਤੀ ਜਾਂਦੀ ਹੈ। ਜ਼ਿਕਰਯੋਗ ਹੈ ਕਿ ਪ੍ਰਵਾਨਿਤ ਏ.ਪੀ.ਓ. ਅਨੁਸਾਰ ਸਿਰਫ਼ ਜੰਗਲਾਤ ਖੇਤਰ ਵਿੱਚ ਹੀ ਬੂਟੇ ਲਗਾਏ ਜਾਂਦੇ ਹਨ।

# ਵਿਜੀਲੈਂਸ ਬਿਊਰੋ ਨੇ ਏਐਸਆਈ ਅਤੇ ਸੀਨੀਅਰ ਸਿਪਾਹੀ ਨੂੰ 50000 ਰੁਪਏ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕੀਤਾ ਗ੍ਰਿਫ਼ਤਾਰ

ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚਲਾਈ ਆਪਣੀ ਮੁਹਿੰਮ ਦੌਰਾਨ ਐਤਵਾਰ ਨੂੰ ਬਰਨਾਲਾ ਜ਼ਿਲ੍ਹੇ ਦੇ ਥਾਣਾ ਮਹਿਲ ਕਲਾਂ ਵਿੱਚ ਤਾਇਨਾਤ ਸਹਾਇਕ ਸਬ ਇੰਸਪੈਕਟਰ (ਏਐਸਆਈ) ਜੱਗਾ ਸਿੰਘ (ਨੰਬਰ 636/ਬਰਨਾਲਾ) ਅਤੇ ਸੀਨੀਅਰ ਸਿਪਾਹੀ ਗੁਰਪ੍ਰੀਤ ਸਿੰਘ (ਨੰਬਰ 288/ਬਰਨਾਲਾ) ਨੂੰ 50,000 ਰੁਪਏ ਦੀ ਰਿਸ਼ਵਤ ਲੈਂਦਿਆਂ ਰੰਗੇ ਹੱਥੀਂ ਕਾਬੂ ਕੀਤਾ ਹੈ।



ਅੱਜ ਇੱਥੇ ਇਹ ਖੁਲਾਸਾ ਕਰਦਿਆਂ ਬਿਊਰੋ ਦੇ ਇੱਕ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਉਕਤ ਦੋਵੇਂ ਪੁਲਿਸ ਮੁਲਾਜ਼ਮਾਂ ਨੂੰ ਬਰਨਾਲਾ ਸ਼ਹਿਰ ਦੀ ਇੱਕ ਔਰਤ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।

ਉਨ੍ਹਾਂ ਦੱਸਿਆ ਕਿ ਸ਼ਿਕਾਇਤਕਰਤਾ ਨੇ ਵਿਜੀਲੈਂਸ ਬਿਊਰੋ ਕੋਲ ਪਹੁੰਚ ਕਰਕੇ ਦੱਸਿਆ ਹੈ ਕਿ ਮਹਿਲ ਕਲਾਂ ਥਾਣੇ ਵਿੱਚ ਇੱਕ ਪੁਲਿਸ ਕੇਸ ਦਰਜ ਹੋਇਆ ਸੀ ਜਿਸ ਵਿੱਚ ਉਸਦੇ ਭਰਾ ਨੂੰ ਬਾਅਦ ਵਿੱਚ ਨਾਮਜ਼ਦ ਕਰਕੇ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਉਸਨੇ ਦੋਸ਼ ਲਾਇਆ ਕਿ ਉਕਤ ਮੁਲਜ਼ਮ ਏਐਸਆਈ ਅਤੇ ਸੀਨੀਅਰ ਸਿਪਾਹੀ ਨੇ ਉਸ ਦੇ ਭਰਾ ਦਾ ਮੋਬਾਈਲ ਫੋਨ, ਘੜੀ, ਸੋਨੇ ਦੀ ਚੇਨ ਅਤੇ 10,000 ਰੁਪਏ ਦੀ ਨਕਦੀ ਵਾਪਸ ਕਰਨ ਲਈ ਉਸ ਕੋਲੋਂ ਰਿਸ਼ਵਤ ਦੀ ਮੰਗ ਕੀਤੀ ਹੈ।ਬੁਲਾਰੇ ਨੇ ਦੱਸਿਆ ਕਿ ਇਸ ਸ਼ਿਕਾਇਤ ਦੀ ਮੁੱਢਲੀ ਤਸਦੀਕ ਤੋਂ ਬਾਅਦ ਵਿਜੀਲੈਂਸ ਬਿਊਰੋ ਦੀ ਟੀਮ ਨੇ ਜਾਲ ਵਿਛਾਇਆ ਜਿਸ ਦੌਰਾਨ ਦੋਵਾਂ ਮੁਲਜ਼ਮਾਂ ਨੂੰ ਦੋ ਸਰਕਾਰੀ ਗਵਾਹਾਂ ਦੀ ਹਾਜ਼ਰੀ ਵਿੱਚ ਸ਼ਿਕਾਇਤਕਰਤਾ ਤੋਂ 50,000 ਰੁਪਏ ਦੀ ਰਿਸ਼ਵਤ ਲੈਂਦੇ ਹੋਏ ਮੌਕੇ ਤੇ ਹੀ ਗ੍ਰਿਫ਼ਤਾਰ ਕਰ ਲਿਆ ਗਿਆ। ਇਸ ਸਬੰਧ ਵਿੱਚ ਦੋਵਾਂ ਮੁਲਜ਼ਮਾਂ ਵਿਰੁੱਧ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਰੇਂਜ ਵਿਖੇ ਕੇਸ ਦਰਜ ਕੀਤਾ ਗਿਆ ਹੈ। ਇਸ ਮਾਮਲੇ ਦੀ ਹੋਰ ਜਾਂਚ ਜਾਰੀ ਹੈ।

# ਪੰਜਾਬ ਦੇ ਤਹਿਸੀਲਦਾਰਾਂ ਨੇ ਭਲਕੇ 3 ਮਾਰਚ ਨੂੰ ਹੜਤਾਲ ਤੇ ਜਾਣ ਦਾ ਕੀਤਾ ਐਲਾਨ




ਚੰਡੀਗੜ੍ਹ (ਲੋਕ ਬਾਣੀ)- ਪੰਜਾਬ ਦੀਆਂ ਸਾਰੀਆਂ ਤਹਿਸੀਲਾਂ ਵਿੱਚ ਭਲਕੇ ਯਾਨੀ 3 ਮਾਰਚ ਨੂੰ ਕਲਮ ਨਹੀਂ ਚਲੇਗੀ। ਜੀ ਹਾਂ ਪੰਜਾਬ ਦੀਆਂ ਸਾਰੀਆਂ ਤਹਿਸੀਲਾ ਚ ਤਹਿਸੀਲਦਾਰਾਂ ਵੱਲੋਂ ਭਲਕੇ ਸਮੂਹਿਕ ਹੜਤਾਲ ਤੇ ਜਾਣ ਦਾ ਐਲਾਨ ਕੀਤਾ ਗਿਆ ਹੈ। ਇਹ ਜਾਣਕਾਰੀ ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਵੱਲੋਂ ਦਿੱਤੀ ਗਈ ਹੈ। ਕੱਲ੍ਹ ਤਹਿਸੀਲਾਂ ਚ ਕਿਸੇ ਵੀ ਪ੍ਰਕਾਰ ਦਾ ਕੋਈ ਕੰਮ-ਕਾਜ ਨਹੀਂ ਹੋਵੇਗਾ। ਜਿਸ ਨਾਲ ਆਮ ਲੋਕਾਂ ਨੂੰ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਸਕਦਾ ਹੈ। ਪੰਜਾਬ ਰੈਵੀਨਿਊ ਅਫਸਰ ਐਸੋਸੀਏਸ਼ਨ ਵੱਲੋਂ ਸਰਕਾਰ ਅਤੇ ਵਿਜੀਲੈਂਸ ਵਿਭਾਗ ਦੀ ਕਾਰਵਾਈ ਦੀ ਨਿੰਦਾ ਕਰਦੇ ਹੋਏ ਸਮੂਹਿਕ ਛੁੱਟੀ ਤੇ ਜਾਣ ਦਾ [illegible]

# ਯੁੱਧ ਨਸ਼ਿਆਂ ਦੇ ਵਿਰੁੱਧ: ਦੂਜੇ ਦਿਨ ਪੰਜਾਬ ਪੁਲਿਸ ਵੱਲੋਂ 510 ਥਾਵਾਂ ’ਤੇ ਛਾਪੇਮਾਰੀ ; 43 ਨਸ਼ਾ ਤਸਕਰ ਕਾਬੂ

ਚੰਡੀਗੜ੍ਹ,: (ਲੋਕ ਬਾਣੀ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਚਲਾਈ ਜਾ ਰਹੀ ‘ਯੁੱਧ ਨਸ਼ਿਆਂ ਦੇ ਵਿਰੁੱਧ’ ਮੁਹਿੰਮ ਨੂੰ ਦੂਜੇ ਦਿਨ ਵੀ ਜਾਰੀ ਰਖਦਿਆਂ, ਪੰਜਾਬ ਪੁਲਿਸ ਨੇ ਐਤਵਾਰ ਨੂੰ 510 ਥਾਵਾਂ ’ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਸੂਬੇ ਭਰ ’ਚ 27 ਐਫਆਈਆਰਜ਼ ਦਰਜ ਕਰਨ ਉਪਰੰਤ 43 ਨਸ਼ਾ ਤਸਕਰਾਂ ਨੂੰ ਗ੍ਰਿਫ਼ਤਾਰ ਕੀਤਾ ਗਿਆ। ਇਸ ਨਾਲ, ਮਹਿਜ਼ ਦੋ ਦਿਨਾਂ ਵਿੱਚ ਗ੍ਰਿਫ਼ਤਾਰ ਕੀਤੇ ਗਏ ਕੁੱਲ ਨਸ਼ਾ ਤਸਕਰਾਂ ਦੀ ਗਿਣਤੀ ਹੁਣ 333 ਹੋ ਗਈ ਹੈ।ਪੁਲਿਸ ਟੀਮਾਂ ਨੇ ਗ੍ਰਿਫ਼ਤਾਰ ਕੀਤੇ ਗਏ ਨਸ਼ਾ ਤਸਕਰਾਂ ਦੇ ਕਬਜ਼ੇ ਵਿੱਚੋਂ 776 ਗ੍ਰਾਮ ਹੈਰੋਇਨ, 14 ਕਿਲੋ ਅਫੀਮ, 38 ਕਿਲੋ ਭੁੱਕੀ, 2615 ਨਸ਼ੀਲੀਆਂ ਗੋਲੀਆਂ/ਟੀਕੇ ਅਤੇ 4.60 ਲੱਖ ਰੁਪਏ ਦੀ ਡਰੱਗ ਮਨੀ ਵੀ ਬਰਾਮਦ ਕੀਤੀ ਹੈ।ਇਹ ਆਪ੍ਰੇਸ਼ਨ ਡੀ.ਜੀ.ਪੀ.ਪੰਜਾਬ, ਗੌਰਵ ਯਾਦਵ ਦੇ ਨਿਰਦੇਸ਼ਾਂ ’ਤੇ ਸੂਬੇ ਦੇ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ ਸਵੇਰੇ 9 ਵਜੇ ਤੋਂ ਸ਼ਾਮ 4 ਵਜੇ ਤੱਕ ਇੱਕੋ ਸਮੇਂ ਚਲਾਇਆ ਗਿਆ।





ਜ਼ਿਕਰਯੋਗ ਹੈ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੁਲਿਸ ਕਮਿਸ਼ਨਰਾਂ, ਡਿਪਟੀ ਕਮਿਸ਼ਨਰਾਂ ਅਤੇ ਸੀਨੀਅਰ ਪੁਲਿਸ ਸੁਪਰਡੈਂਟ ਨੂੰ ਆਉਣ ਵਾਲੇ ਤਿੰਨ ਮਹੀਨਿਆਂ ਵਿੱਚ ਪੰਜਾਬ ਨੂੰ ਨਸ਼ਾ ਮੁਕਤ ਸੂਬਾ ਬਣਾਉਣ ਲਈ ਕਿਹਾ ਹੈ। ਪੰਜਾਬ ਸਰਕਾਰ ਨੇ ਨਸ਼ਿਆਂ ਵਿਰੁੱਧ ਜੰਗ ਦੀ ਨਿਗਰਾਨੀ ਲਈ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦੀ ਅਗਵਾਈ ਵਿੱਚ 5 ਮੈਂਬਰੀ ਕੈਬਨਿਟ ਸਬ-ਕਮੇਟੀ ਦਾ ਗਠਨ ਵੀ ਕੀਤਾ ਹੈ।ਇਸ ਸਬੰਧੀ ਹੋਰ ਵੇਰਵੇ ਸਾਂਝੇ ਕਰਦਿਆਂ ਸਪੈਸ਼ਲ ਡੀਜੀਪੀ ਕਾਨੂੰਨ ਅਤੇ ਵਿਵਸਥਾ ਅਰਪਿਤ ਸ਼ੁਕਲਾ ਨੇ ਦੱਸਿਆ ਕਿ 101 ਗਜ਼ਟਿਡ ਅਧਿਕਾਰੀਆਂ ਦੀ ਨਿਗਰਾਨੀ ਹੇਠ 2000 ਤੋਂ ਵੱਧ ਪੁਲਿਸ ਮੁਲਾਜ਼ਮਾਂ ਦੀ ਨਫ਼ਰੀ ਵਾਲੀਆਂ 300 ਤੋਂ ਵੱਧ ਪੁਲਿਸ ਟੀਮਾਂ ਨੇ ਸੂਬੇ ਭਰ ਵਿੱਚ ਛਾਪੇਮਾਰੀ ਕੀਤੀ ਅਤੇ ਦਿਨ ਭਰ ਚੱਲੇ ਇਸ ਆਪ੍ਰੇਸ਼ਨ ਦੌਰਾਨ 619 ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕੀਤੀ ਗਈ।

ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨੇ ਇੱਕ ਵਿਆਪਕ ਰਣਨੀਤੀ ਤਿਆਰ ਕੀਤੀ ਹੈ ਅਤੇ ਅਜਿਹੇ ਆਪ੍ਰੇਸ਼ਨ ਸੂਬੇ ਚੋਂ ਨਸ਼ਿਆਂ ਦੇ ਮੁਕੰਮਲ ਖ਼ਾਤਮੇ ਤੱਕ ਜਾਰੀ ਰਹਿਣਗੇ।

ਸਪੈਸ਼ਲ ਡੀਜੀਪੀ ਨੇ ਕਿਹਾ ਕਿ ਸੂਬਾ ਸਰਕਾਰ ਵੱਲੋਂ ਸੂਬੇ ਵਿੱਚੋਂ ਨਸ਼ਿਆਂ ਦੇ ਖਾਤਮੇ ਲਈ ਤਿੰਨ-ਨੁਕਾਤੀ ਰਣਨੀਤੀ - ਇਨਫੋਰਸਮੈਂਟ, ਡੀਐਡਿਕਸ਼ਨ ਐਂਡ ਪ੍ਰੀਵੈਨਸ਼ਨ (ਈਡੀਪੀ) - ਲਾਗੂ ਕੀਤੀ ਗਈ ਹੈ ਅਤੇ ਪੰਜਾਬ ਪੁਲਿਸ ‘ ਰੋਕਥਾਮ’ ਦੇ ਹਿੱਸੇ ਵਜੋਂ ਨਸ਼ਿਆਂ ਦੇ ਮਾਰੂ ਪ੍ਰਭਾਵਾਂ ਬਾਰੇ ਲੋਕਾਂ ਜਾਣੂ ਕਰਵਾਉਣ ਲਈ ਜਾਗਰੂਕਤਾ ਸਮਾਗਮ ਵੀ ਕਰਵਾ ਰਹੀ ਹੈ ਤਾਂ ਜੋ ਨਸ਼ਿਆਂ ਵਿਰੁੱਧ ਇਸ ਲੜਾਈ ਵਿੱਚ ਆਮ ਲੋਕ ਵੀ ਵਧ-ਚੜ੍ਹ ਕੇ ਸਹਿਯੋਗ ਦੇ ਸਕਣ।

ਉਨ੍ਹਾਂ ਅੱਗੇ ਕਿਹਾ ਕਿ ਐਤਵਾਰ ਨੂੰ ਸਾਰੇ 28 ਪੁਲਿਸ ਜ਼ਿਲ੍ਹਿਆਂ ਵਿੱਚ 510 ਜਾਗਰੂਕਤਾ ਪ੍ਰੋਗਰਾਮ ਕਰਵਾਏ ਗਏ, ਜਿਨ੍ਹਾਂ ਵਿੱਚ

# ਅੰਮ੍ਰਿਤਸਰ ਅੰਤਰਰਾਸ਼ਟਰੀ ਏਅਰਪੋਰਟ ਤੇ 8 ਕਰੋੜ ਦਾ ਗਾਂਜਾ ਜ਼ਬਤ, ਕਸਟਮ ਵਿਭਾਗ ਨੇ ਜਾਂਚ ਦੌਰਾਨ ਬੈਗ ਚੋਂ ਕੀਤਾ ਬਰਾਮਦ



ਅੰਮ੍ਰਿਤਸਰ-(ਲੋਕ ਬਾਣੀ) ਪੰਜਾਬ ਦੇ ਅੰਮ੍ਰਿਤਸਰ ਸ੍ਰੀ ਗੁਰੂ ਰਾਮਦਾਸ ਜੀ ਅੰਤਰਰਾਸ਼ਟਰੀ ਹਵਾਈ ਅੱਡੇ ਤੇ ਕਸਟਮ ਵਿਭਾਗ ਦੇ ਅਧਿਕਾਰੀਆਂ ਨੇ ਇੱਕ ਵੱਡੀ ਕਾਰਵਾਈ ਕਰਦਿਆਂ 8.17 ਕਰੋੜ ਰੁਪਏ ਦੇ ਨਸ਼ੀਲੇ ਪਦਾਰਥਾਂ ਸਮੇਤ ਇੱਕ ਯਾਤਰੀ ਨੂੰ ਕਾਬੂ ਕੀਤਾ ਹੈ। ਫਿਲਹਾਲ ਦੋਸ਼ੀ ਦੇ ਖਿਲਾਫ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕਰਕੇ ਕਾਰਵਾਈ ਸ਼ੁਰੂ ਕਰ ਦਿੱਤੀ ਗਈ ਹੈ। ਗ੍ਰਿਫਤਾਰ ਮੁਲਜ਼ਮ ਮਲੇਸ਼ੀਆ ਤੋਂ ਭਾਰਤ ਪਰਤਿਆ ਸੀ। ਅਧਿਕਾਰੀਆਂ ਮੁਤਾਬਕ ਫੜੇ ਗਏ ਯਾਤਰੀ ਦੀ ਪਛਾਣ ਮਨਦੀਪ ਸਿੰਘ ਵਜੋਂ ਹੋਈ ਹੈ, ਜੋ 26 ਫਰਵਰੀ ਨੂੰ ਮਲੇਸ਼ੀਆ ਤੋਂ ਅੰਮ੍ਰਿਤਸਰ ਪਹੁੰਚਿਆ ਸੀ। ਜਦੋਂ ਏਅਰਪੋਰਟ ਤੇ ਉਸ ਦੇ ਸਾਮਾਨ ਦੀ ਜਾਂਚ ਕੀਤੀ ਗਈ ਤਾਂ 8.17 ਕਿਲੋ ਨਸ਼ੀਲਾ ਪਦਾਰਥ ਮਿਲਿਆ।


ਕਸਟਮ ਅਧਿਕਾਰੀਆਂ ਨੇ ਦੱਸਿਆ ਕਿ ਬਰਾਮਦ ਕੀਤੀ ਗਈ ਨਸ਼ੀਲਾ ਪਦਾਰਥ ਗਾਂਜਾ ਜਾਪਦਾ ਹੈ, ਜਿਸ ਦੀ ਅੰਤਰਰਾਸ਼ਟਰੀ ਬਾਜ਼ਾਰ ਵਿਚ ਕੀਮਤ 8.17 ਕਰੋੜ ਰੁਪਏ ਦੱਸੀ ਜਾਂਦੀ ਹੈ। ਇਸ ਸਬੰਧੀ ਐਨਡੀਪੀਐਸ ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਇਸੇ ਦੌਰਾਨ ਕਸਟਮ ਵਿਭਾਗ ਦੇ ਅਧਿਕਾਰੀਆਂ ਨੇ ਇਕ ਹੋਰ ਕਾਰਵਾਈ ਕਰਦਿਆਂ ਸਿੰਗਾਪੁਰ ਤੋਂ ਆ ਰਹੇ ਇਕ ਯਾਤਰੀ ਕੋਲੋਂ 400 ਗ੍ਰਾਮ ਸੋਨਾ ਜ਼ਬਤ ਕੀਤਾ। ਬਰਾਮਦ ਹੋਈ ਸੋਨੇ ਦੀ ਚੇਨ ਅਤੇ ਚੂੜੀਆਂ ਦੀ ਕੀਮਤ ਕਰੀਬ 35.60 ਲੱਖ ਰੁਪਏ ਦੱਸੀ ਜਾ ਰਹੀ ਹੈ। ਕਸਟਮ ਵਿਭਾਗ ਅਤੇ ਸੁਰੱਖਿਆ ਏਜੰਸੀਆਂ ਹਵਾਈ ਅੱਡੇ ਤੇ ਤਸਕਰੀ ਦੀਆਂ ਗਤੀਵਿਧੀਆਂ ਤੇ ਤਿੱਖੀ ਨਜ਼ਰ ਰੱਖ ਰਹੀਆਂ ਹਨ। ਅਧਿਕਾਰੀਆਂ ਨੇ ਕਿਹਾ ਕਿ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਲੋਕਾਂ ਵਿਰੁੱਧ ਸਖ਼ਤ ਕਾਰਵਾਈ ਜਾਰੀ

# ਸਾਹਿਬ ਕਾਂਸ਼ੀ ਰਾਮ ਜੀ ਦੇ ਜਨਮ ਦਿਨ ਤੇ ਕੀਤੀ ਜਾ ਰਹੀ ਸੂਬਾ ਪੱਧਰੀ ਪੰਜਾਬ ਸੰਭਾਲੋ ਰੈਲੀ ਦਾ ਪੋਸਟਰ ਮਾ. ਬਲਾਲੋ ਨੇ ਕੀਤਾ ਰਿਲੀਜ਼



ਫਗਵਾੜਾ ( ਸੁਸ਼ੀਲ ਸ਼ਰਮਾ ) ਬਹੁਜਨ ਸਮਾਜ ਪਾਰਟੀ ਪੰਜਾਬ ਵੱਲੋਂ ਬਸਪਾ ਤੇ ਡੀ.ਐਸ.ਫੋਰ.ਦੇ ਬਾਨੀ ਸਾਹਿਬ ਕਾਂਸ਼ੀ ਰਾਮ ਜੀ ਦੇ ਜਨਮ ਦਿਨ ਤੇ 15 ਮਾਰਚ ਨੂੰ ਫਗਵਾੜਾ ਦੀ ਦਾਣਾ ਮੰਡੀ ਵਿਖੇ ਕੀਤੀ ਜਾ ਰਹੀ ਪੰਜਾਬ ਸੰਭਾਲੋ ਰੈਲੀ ਦਾ ਪੋਸਟਰ ਬਸਪਾ ਸੂਬਾ ਜਨਰਲ ਸਕੱਤਰ ਮਾਸਟਰ ਹਰਭਜਨ ਸਿੰਘ ਬਲਾਲੋ ਨੇ ਆਪਣੇ ਕਰ ਕਮਲਾ ਨਾਲ ਰਿਲੀਜ਼ ਕੀਤਾ। ਇਸ ਮੌਕੇ ਮਾ.ਹਰਭਜਨ ਸਿੰਘ ਬਲਾਲੋ ਨੇ ਦੱਸਿਆ ਕਿ 15 ਮਾਰਚ ਦੀ ਪੰਜਾਬ ਸੰਭਾਲੋ ਰੈਲੀ ਵਿੱਚ ਮੁੱਖ ਮਹਿਮਾਨ ਮਹਿਮਾਨ ਵਜੋਂ ਰਣਧੀਰ ਸਿੰਘ ਬੈਨੀਵਾਲ ਇੰਚਾਰਜ ਪੰਜਾਬ, ਹਰਿਆਣਾ, ਚੰਡੀਗੜ੍ਹ ਤੇ ਹਿਮਾਚਲ ਸ਼ਾਮਲ ਹੋਣਗੇ, ਜਦ ਕਿ ਰੈਲੀ ਦੀ ਪ੍ਰਧਾਨਗੀ ਸੂਬਾ ਪ੍ਰਧਾਨ ਐਡਵੋਕੇਟ ਅਵਤਾਰ ਸਿੰਘ ਕਰੀਮਪੁਰੀ ਸਾਬਕਾ ਮੈਂਬਰ ਰਾਜਸਭਾ ਕਰਨਗੇ ਅਤੇ ਵਿਸ਼ੇਸ਼ ਮਹਿਮਾਨ ਵਜੋਂ ਵਿਪਲ ਕੁਮਾਰ ਇੰਚਾਰਜ ਪੰਜਾਬ,ਵਿਧਾਇਕ ਡਾ.ਨਛੱਤਰ ਪਾਲ ਸਟੇਟ ਕੋਆਰਡੀਨੇਟਰ, ਅਜੀਤ ਸਿੰਘ ਭੈਣੀ ਸਟੇਟ ਕੋਆਰਡੀਨੇਟਰ, ਕੁਲਦੀਪ ਸਿੰਘ ਸਰਦੂਲਗੜ੍ਹ ਸਟੇਟ ਕੋਆਰਡੀਨੇਟਰ ਸ਼ਾਮਲ ਹੋਣਗੇ। ਬਲਾਲੋ ਨੇ ਕਿਹਾ ਸਾਹਿਬ ਕਾਂਸ਼ੀ ਰਾਮ ਜੀ ਜਨਮਦਿਨ ਤੇ 15 ਮਾਰਚ ਨੂੰ ਕੀਤੀ ਜਾ ਰਹੀ ਪੰਜਾਬ ਸੰਭਾਲੋ ਰੈਲੀ ਨੂੰ ਲੈ ਕੇ ਵਰਕਰਾਂ ਤੇ ਆਗੂਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ। ਉਨ੍ਹਾ ਕਿਹਾ ਕਿ ਪੰਜਾਬ ਦੇ ਹਰ ਵਰਗ ਨੂੰ ਰੈਲੀ ਵਿੱਚ ਸ਼ਾਮਲ ਹੋਣ ਦਾ ਦਿੱਤਾ ਜਾਵੇਗਾ। ਬਲਾਲੋ ਨੇ ਕਿਹਾ ਕਿ ਪੰਜਾਬ ਦੀ ਜਨਤਾ ਭਗਵੰਤ ਮਾਨ ਸਰਕਾਰ ਦੇ ਝੂਠੇ ਲਾਰਿਆ ਤੋਂ ਅੱਕ ਚੁੱਕੀ ਹੈ। ਉਨ੍ਹਾਂ ਪੰਜਾਬ ਵਾਸੀਆਂ ਨੂੰ ਅਪੀਲ ਕੀਤੀ ਪੰਜਾਬ, ਪੰਜਾਬੀਅਤ, ਪੰਜਾਬ ਦੀ ਜਵਾਨੀ ਅਤੇ ਕਿਸਾਨੀ ਬਚਾਉਣ ਲਈ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਇੱਕ ਮੌਕਾ ਬਸਪਾ ਨੂੰ ਜ਼ਰੂਰ ਦੇਣ। ਬਲਾਲੋ ਨੇ ਬਸਪਾ ਆਗੂਆਂ ਤੇ ਵਰਕਰਾਂ ਨੂੰ ਪੁਰਜ਼ੋਰ ਅਪੀਲ ਕੀਤੀ ਸਾਹਿਬ ਕਾਂਸ਼ੀ ਰਾਮ ਜੀ ਦੇ ਜਨਮਦਿਨ ਤੇ 15 ਮਾਰਚ ਨੂੰ ਕੀਤੀ ਜਾ ਰਹੀ ਪੰਜਾਬ ਸੰਭਾਲੋ ਰੈਲੀ ਨੂੰ ਇਤਿਹਾਸਕ ਬਣਾਉਣ ਲਈ ਹਰ ਪਿੰਡ ਵਿੱਚ ਮੀਟਿੰਗਾਂ ਕਰਕੇ ਹਰ ਵਰਗ ਨੂੰ ਰੈਲੀ ਵਿੱਚ ਸ਼ਾਮਲ ਕਰਨ ਲਈ ਪ੍ਰੇਰਿਤ ਕੀਤਾ ਜਾਵੇ। ਇਸ ਮੌਕੇ ਮਾਸਟਰ ਹਰਭਜਨ ਸਿੰਘ ਬਲਾਲੋਂ ਸੀਨੀਅਰ ਆਗੂ, ਹਲਕਾ ਇੰਚਾਰਜ ਲੇਖਰਾਜ ਜਮਾਲਪੁਰ, ਐਡਵੋਕੇਟ ਕੁਲਦੀਪ ਭੱਟੀ, ਚਰੰਜੀ ਲਾਲ ਕਾਲਾ ਕੌਂਸਲਰ ਤੇ ਹਲਕਾ ਪ੍ਰਧਾਨ, ਇੰਜੀਨੀਅਰ ਪ੍ਰਦੀਪ ਮੱਲ, ਮਨੋਹਰ ਲਾਲ ਜੱਖੂ, ਪਰਮਜੀਤ ਖਲਵਾੜਾ, ਅਮਨਦੀਪ ਕੌਰ ਕੌਂਸਲਰ, ਅਮਰਜੀਤ ਖੁੱਤਣ, ਗੋਰਾ ਚੱਕ ਪ੍ਰੇਮਾ, ਹਰਭਜਨ ਖਲਵਾੜਾ, ਰਾਮ ਮੂਰਤੀ ਖੇੜਾ, ਗੁਰਮੀਤ ਸੁੰਨੜਾ, ਅਸ਼ੋਕ ਰਾਮਪੁਰਾ, ਸੁਰਿੰਦਰ ਭਬਿਆਣਾ ਆਦਿ ਹਾਜ਼ਰ ਸਨ

# ਜ਼ਰੂਰੀ ਮੁਰੰਮਤ ਦੇ ਚਲਦਿਆਂ ਬਿਜਲੀ ਸਪਲਾਈ ਰਹੇਗੀ ਬੰਦ



PSPCL Punjab State Power Corporation Limited

PRESS NOTE

ਸਮੂਹ ਇਲਾਕਾ ਨਿਵਾਸੀਆਂ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮਿਤੀ 03.03.2025 ਨੂੰ ਦਿਨ ਸੋਮਵਾਰ ਸਮਾਂ ਸਵੇਰੇ 09.00 ਵਜੇ ਤੋਂ ਲੈ ਕੇ ਸ਼ਾਮ 04.00 ਵਜੇ ਤੱਕ 66 ਕੇਵੀ ਸ/ਡ ਚਹੇੜੂ ਦੀ ਜ਼ਰੂਰੀ ਮੁਰੰਮਤ ਕਾਰਣ ਪਿੰਡ ਮਾਧੋਪੁਰ, ਰਾਣੀਪੁਰ, ਜਗਪਾਲਪੁਰ, ਸਪਰੋੜ, ਨੰਗਲਮੱਝਾ, ਕਿਸ਼ਨਪੁਰ, ਭਗਵਾਨਪੁਰ, ਨਾਨਕ ਨਗਰੀ, ਮਹੇੜੂ ਰੋਡ,ਪਿੰਡ-ਹਰਦਾਸਪੁਰ, ਨਰੰਗਪੁਰ, ਜੀ.ਟੀ ਰੋਡ ਦਾ ਇਲਾਕਾ, ਕਾਂਸ਼ੀਨਗਰ,ਪਿੰਡ ਚਹੇੜੂ, ਖਜੂਰਲਾ ਅਤੇ ਸੇਮੀ ਦੀ ਘਰੇਲੂ,ਵਪਾਰਿਕ ਅਤੇ ਖੇਤੀਬਾੜੀ ਦੀ ਬਿਜਲੀ ਸਪਲਾਈ ਬੰਦ ਰਹੇਗੀ।

ਨੋਟ-ਸਪਲਾਈ ਬੰਦ ਜਾਂ ਚਾਲੂ ਹੋਣ ਵਿਚ ਸਮੇਂ ਦਾ ਫਰਕ ਹੋ ਸਕਦਾ ਹੈ ਜੀ।

ਸਹਾਇਕ ਇੰਜੀਨੀਅਰ,
ਚਹੇੜੂ ਉਪ ਮੰਡਲ,ਫਗਵਾੜਾ।

ਫਗਵਾੜਾ ( ਸੁਸ਼ੀਲ ਸ਼ਰਮਾ) ਪੀ ਐਸ ਪੀ ਸੀ ਐਲ ਦੇ ਸਹਾਇਕ ਇੰਜੀਨੀਅਰ ਚਹੇੜੂ ਉਪ ਮੰਡਲ ਫਗਵਾੜਾ ਨੇ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਦੱਸਿਆ ਕਿ ਮਿਤੀ 03.03.2025 ਨੂੰ ਦਿਨ ਸੋਮਵਾਰ ਸਮਾਂ ਸਵੇਰੇ 09.00 ਵਜੇ ਤੋਂ ਲੈ ਕੇ ਸ਼ਾਮ 04.00 ਵਜੇ ਤੱਕ 66 ਕੇਵੀ ਸ/ਡ ਚਹੇੜੂ ਦੀ ਜ਼ਰੂਰੀ ਮੁਰੰਮਤ ਕਾਰਣ ਪਿੰਡ ਮਾਧੋਪੁਰ, ਰਾਣੀਪੁਰ, ਜਗਪਾਲਪੁਰ, ਸਪਰੋੜ, ਨੰਗਲਮੱਝਾ, ਕਿਸ਼ਨਪੁਰ, ਭਗਵਾਨਪੁਰ, ਨਾਨਕ ਨਗਰੀ, ਮਹੇੜੂ ਰੋਡ,ਪਿੰਡ-ਹਰਦਾਸਪੁਰ, ਨਰੰਗਪੁਰ, ਜੀਟੀ ਰੋਡ ਦਾ ਇਲਾਕਾ, ਕਾਂਸ਼ੀਨਗਰ,ਪਿੰਡ ਚਹੇੜੂ, ਖਜੂਰਲਾ ਅਤੇ ਸੇਮੀ ਦੀ ਘਰੇਲੂ,ਵਪਾਰਿਕ ਅਤੇ ਖੇਤੀਬਾੜੀ ਦੀ ਬਿਜਲੀ ਸਪਲਾਈ ਬੰਦ ਰਹੇਗੀ

# ਪਿੰਡ ਲੱਖਪੁਰ ਵਿਖੇ ਸਜਾਏ 648ਵੇਂ ਪ੍ਰਕਾਸ਼ ਪੁਰਬ ਦਾ ਬੰਗੜ ਪਰਿਵਾਰ ਨੇ ਕੀਤਾ ਨਿੱਘਾ ਸਵਾਗਤ



ਫਗਵਾੜਾ ( ਸੁਸ਼ੀਲ ਸ਼ਰਮਾ ) ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਪਿੰਡ ਲੱਖਪੁਰ ਵਿਖੇ ਸਜਾਏ ਵਿਸ਼ਾਲ ਨਗਰ ਕੀਰਤਨ ਦਾ ਸਮੂਹ ਬੰਗੜ ਪਰਿਵਾਰ ਵਲੋਂ ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਦੀ ਅਗਵਾਈ ਹੇਠ ਗੁਰੁਦਆਰ ਬੇਰੀ ਸਾਹਿਬ ਦੇ ਨਜਦੀਕ ਪੁੱਜਣ ਤੇ ਫੁੱਲਾਂ ਦੀ ਵਰਖਾ ਕਰਦੇ ਹੋਏ ਨਿੱਘਾ ਸਵਾਗਤ ਕੀਤਾ ਗਿਆ। ਬੰਗੜ ਪਰਿਵਾਰ ਵਲੋਂ ਸੁੰਦਰ ਪਾਲਕੀ ਵਿਚ ਸੁਸ਼ੋਭਿਤ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਭੇਂਟ ਕਰਕੇ ਅਸ਼ੀਰਵਾਦ ਲਿਆ ਗਿਆ। ਰਿਟਾ. ਪ੍ਰਿੰਸੀਪਲ ਜਸਵਿੰਦਰ ਸਿੰਘ ਬੰਗੜ ਨੇ ਸਮੂਹ ਸੰਗਤਾਂ ਨੂੰ ਗੁਰੂ ਮਹਾਰਾਜ ਦੇ ਪ੍ਰਕਾਸ਼ ਦਿਹਾੜੇ ਦੀ ਵਧਾਈ ਦਿੱਤੀ ਅਤੇ ਅਜੋਕੀ ਨੌਜਵਾਨ ਪੀੜ੍ਹੀ ਨੂੰ ਗੁਰੂ ਮਹਾਰਾਜ ਦੇ ਦਰਸਾਏ ਮਾਰਗ ਤੇ ਚੱਲਣ ਲਈ ਪ੍ਰੇਰਿਆ। ਚਾਹ ਪਕੌੜੇ ਦੀ ਸੇਵਾ ਅਤੁੱਟ ਵਰਤਾਈ ਗਈ। ਇਸ ਮੌਕੇ ਹੈੱਡ ਗ੍ਰੰਥੀ ਭਾਈ ਰਾਜਵਿੰਦਰ ਸਿੰਘ, ਗੁਰਮੀਤ ਸਿੰਘ ਗੋਗੀ ਸਰਪੰਚ ਲੱਖਪੁਰ, ਨਿਰਮਲਜੀਤ ਹੈਪੀ ਸਾਬਕਾ ਸਰਪੰਚ, ਪਿਆਰਾ ਸਿੰਘ ਢੱਡਵਾਲ, ਮਹਿੰਦਰ ਸਿੰਘ ਢੱਡਵਾਲ, ਸਰਬਜੀਤ ਸਿੰਘ ਢੱਡਵਾਲ, ਬਿੰਦੀਆ ਸੰਧੂ, ਅਸ਼ੋਕ ਕੁਮਾਰ, ਕੁਲਵੰਤ ਲੱਖਪੁਰ, ਭਿੰਦਾ, ਬੱਬੂ ਲੱਖਪੁਰ, ਪ੍ਰਿਤਪਾਲ ਕੌਰ, ਕਾਂਤਾ ਦੇਵੀ, ਅਵਤਾਰ ਸਿੰਘ ਤਾਰੀ, ਸਾਬੀ, ਇੰਦਰਜੀਤ ਸਿੰਘ ਪੰਚ, ਬਲਵਿੰਦਰ ਕੁਮਾਰ ਆਦਿ ਹਾਜਰ ਸਨ।

# ਸਵ. ਮਲਕੀਤ ਸਿੰਘ ਪੁਰੇਵਾਲ ਦੀ ਯਾਦ ਨੂੰ ਸਮਰਪਿਤ 28ਵਾਂ ਹਕੀਮਪੁਰ ਦਾ ਖੇਡ ਮੇਲਾ ਸ਼ਾਨੋ ਸ਼ੌਕਤ ਨਾਲ ਸੰਪਨ





ਫਗਵਾੜਾ ( ਸੁਸ਼ੀਲ ਸ਼ਰਮਾ ) ਸਵ. ਮਲਕੀਤ ਸਿੰਘ ਪੁਰੇਵਾਲ (ਅੰਤਰਰਾਸ਼ਟਰੀ ਕਬੱਡੀ ਖਿਡਾਰੀ ਅਤੇ ਪਹਿਲਵਾਨ) ਨੂੰ ਸਮਰਪਿਤ 28ਵਾਂ ਸਲਾਨਾ ਪੁਰੇਵਾਲ ਖੇਡ ਮੇਲਾ ਸਮੂਹ ਪੁਰੇਵਾਲ ਭਰਾਵਾਂ ਅਤੇ ਪੁਰੇਵਾਲ ਸਪੋਰਟਸ ਕਲੱਬ ਵਲੋਂ ਸਵ. ਹਰਬੰਸ ਸਿੰਘ ਪੁਰੇਵਾਲ ਦੀ ਯਾਦ ਵਿਚ ਨਿਰੰਜਣ ਸਿੰਘ ਮੈਮੋਰੀਅਲ ਖੇਡ ਸਟੇਡੀਅਮ ਪਿੰਡ ਜਗਤਪੁਰ ਵਿਖੇ ਕਰਵਾਇਆ ਗਿਆ। ਐਨ. ਆਰ.ਆਈ. ਵੀਰਾਂ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਏ ਇਸ ਦੋ ਰੋਜਾ ਖੇਡ ਮੇਲੇ ਦੀ ਅਰੰਭਤਾ ਅਰਦਾਸ ਉਪਰੰਤ ਸਵ. ਮਲਕੀਤ ਸਿੰਘ ਪੁਰੇਵਾਲ ਅਤੇ ਸਵ. ਹਰਬੰਸ ਸਿੰਘ ਪੁਰੇਵਾਲ ਨੂੰ ਸ਼ਰਧਾਂਜਲੀ ਭੇਂਟ ਕਰਕੇ ਕੀਤੀ ਗਈ। ਖੇਡ ਮੇਲੇ ਵਿਚ ਕੁਸ਼ਤੀ, ਰੱਸਾਕਸ਼ੀ ਤੋਂ ਇਲਾਵਾ 100 ਮੀਟਰ ਤੇ 400 ਮੀਟਰ ਦੌੜਾਂ ਵੀ ਕਰਵਾਈਆਂ ਗਈਆਂ। ਬਜੁਰਗਾਂ ਦੀਆਂ ਦੌੜਾਂ ਵਿਸ਼ੇਸ਼ ਖਿੱਚ ਦਾ ਕੇਂਦਰ ਬਣੀਆਂ। ਟੈਕਨੀਕਲ ਆਫੀਸ਼ੀਅਲ ਕੋਚ ਪੀ.ਆਰ. ਸੋਂਧੀ ਸਾਬਕਾ ਇੰਟਰਨੈਸ਼ਨਲ ਕੁਸ਼ਤੀ ਦੀ ਅਗਵਾਈ ਹੇਠ ਹੋਏ ਕੁਸ਼ਤੀ ਮੁਕਾਬਲਿਆਂ ਵਿਚ ਮਿਰਜਾ ਇਰਾਨੀ ਨੂੰ ਮਹਾਭਾਰਤ ਕੇਸਰੀ ਟਾਈਟਲ ਦੇ ਨਾਲ 1.25 ਲੱਖ ਰੁਪਏ ਦਾ ਪਹਿਲਾ ਇਨਾਮ ਦਿੱਤਾ ਗਿਆ। ਇਸੇ ਤਰ੍ਹਾਂ ਸੋਨੀਪਤ ਦੀ ਕਾਜਲ ਨੂੰ ਮਹਿਲਾ ਮਹਾਭਾਰਤ ਕੇਸਰੀ ਟਾਈਟਲ ਦੇ ਨਾਲ 50 ਹਜਾਰ ਰੁਪਏ ਨਗਦ ਇਨਾਮ ਨਾਲ ਨਵਾਜਿਆ ਗਿਆ। 90 ਕਿਲੋ ਭਾਰ ਵਰਗ ਸ਼ੇਰ-ਏ-ਹਿੰਦ ਸਚਿਨ ਪਟਿਆਲਾ ਨੂੰ 50 ਹਜਾਰ ਰੁਪਏ, 80 ਕਿਲੋ ਭਾਰ ਵਰਗ ਆਫਤਾਬ-ਏ-ਹਿੰਦ ਜੈਦੀਪ ਰੋਹਤਕ ਨੂੰ 50 ਹਜਾਰ ਰੁਪਏ ਨਗਦ, 70 ਕਿਲੋ ਭਾਰ ਵਰਗ ਪੰਜਾਬ ਕੁਮਾਰ ਉਦੇ ਪ੍ਰਤਾਪ ਸਿੰਘ ਕਨੇਡਾ ਨੂੰ 15 ਹਜਾਰ ਰੁਪਏ ਨਗਦ, 65 ਕਿਲੋ ਭਾਰ ਵਰਗ ਸਿਤਾਰਾ-ਏ-ਹਿੰਦ ਜਸਕਰਨ ਸਿੰਘ ਪਟਿਆਲਾ ਨੂੰ 40 ਹਜਾਰ ਰੁਪਏ ਤੋਂ ਇਲਾਵਾ 60 ਕਿਲੋ ਭਾਰ ਵਰਗ ਵਿਚ ਮੀਨਾਕਸ਼ੀ ਜਲੰਧਰ ਨੂੰ ਭਾਰਤ ਕੁਮਾਰੀ ਦਾ ਖਿਤਾਬ ਅਤੇ 30 ਹਜਾਰ ਰੁਪਏ ਨਗਦ ਇਨਾਮ ਦੇ ਨਾਲ ਨਵਾਜਿਆ ਗਿਆ। ਖੇਡ ਮੇਲੇ ਦੇ ਮੁੱਖ ਪ੍ਰਬੰਧਕ ਗੁਰਜੀਤ ਸਿੰਘ ਪੁਰੇਵਾਲ ਕਨੇਡਾ ਨੇ ਸਮੂਹ ਐਨ. ਆਰ.ਆਈ. ਵੀਰਾਂ ਅਤੇ ਸਹਿਯੋਗੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਸਲਾਨਾ ਪੇਂਡੂ ਖੇਡ ਮੇਲੇ ਦਾ ਉਦੇਸ਼ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਣ ਅਤੇ ਖੇਡਾਂ ਪ੍ਰਤੀ ਉਤਸ਼ਾਹਤ ਕਰਨਾ ਹੈ। ਪ੍ਰਬੰਧਕਾਂ ਵਲੋਂ ਸਮੂਹ ਮਹਿਮਾਨਾਂ ਅਤੇ ਪਤਵੰਤਿਆਂ ਨੂੰ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਤ ਕੀਤਾ ਗਿਆ। ਐਨ. ਆਰ.ਆਈ. ਵੀਰਾਂ ਵਲੋਂ ਪਹਿਲਵਾਨਾਂ ਨੂੰ ਢਾਈ ਕੁਇੰਟਲ ਬਦਾਮ ਵੰਡੇ ਗਏ ਅਤੇ ਭਵਿੱਖ ਵਿਚ ਹੋਰ ਜਿਆਦਾ ਮੱਦਦ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਸਾਬਕਾ ਡੀਆਈਜੀ ਸੁਖਵੰਤ ਸਿੰਘ ਸਿੱਧੂ, ਬੁੱਧ ਸਿੰਘ ਭੁੱਟਾ ਏਸ਼ੀਆ ਚੈਂਪੀਅਨ, ਸਵਰਨ ਸਿੰਘ ਖੇਡ ਲੇਖਕ, ਇਕਬਾਲ ਸਿੰਘ ਜੱਬੋਵਾਲ ਖੇਡ ਲੇਖਕ, ਗੁਰਚਰਨ ਸਿੰਘ ਮੁਕੰਦਪੁਰ, ਰਣਜੀਤ ਸਿੰਘ ਟੁੱਟ ਬ੍ਰਦਰਜ, ਕੁਲਤਾਰ ਸਿੰਘ ਪੁਰੇਵਾਲ ਯੂ.ਐਸ.ਏ., ਕ੍ਰਿਪਾਲ ਸਿੰਘ ਬਿਲਣ, ਸੰਤੋਖ ਸਿੰਘ, ਜਰਨੈਲ ਬਿਲਣ, ਜਗਤਾਰ ਸਿੰਘ, ਸੁੱਖੀ ਘੁੰਮਣ ਯੂ.ਐਸ., ਚਰਨਜੀਤ ਸਿੰਘ ਬਾਠ ਯੂ.ਐਸ.ਏ. ਸੰਗੀ ਦੇ ਬਾਦਸ਼ਾਹ, ਅੰਤਰਰਾਸ਼ਟਰੀ ਪਹਿਲਵਾਨ ਅਮਰੀਕ ਸਿੰਘ, ਸੁਭਾਸ਼ ਮਲਿਕ, ਮਨਪ੍ਰੀਤ ਸਿੰਘ ਸੰਧੂ, ਅਵਤਾਰ ਸਿੰਘ ਸ਼ੇਰਗਿਲ, ਪ੍ਰੋਫੈਸਰ ਮੱਖਣ ਸਿੰਘ ਹਕੀਮਪੁਰ, ਬੁੱਧ ਸਿੰਘ ਧਲੇਤਾ, ਰਵਿੰਦਰ ਨਾਥ ਕੋਚ, ਸ਼ਿਵ ਪੀ.ਏ.ਪੀ. ਕੋਚ, ਸਾਰਜ ਭੁੱਲਰ ਕੋਚ ਪਟਿਆਲਾ, ਬਿਕਰਮ ਸ਼ਰਮਾ ਕੋਚ ਅੰਮ੍ਰਿਤਸਰ, ਕਰਨ ਸ਼ਰਮਾ ਕੋਚ ਅੰਮ੍ਰਿਤਸਰ, ਅਬਦੁਲ ਸੱਤਾਰ ਕੋਚ ਬਠਿੰਡਾ, ਆਕਾਸ਼ ਕੋਚ ਗੁਰਦਾਸਪੁਰ, ਬਲਬੀਰ ਕੁਮਾਰ ਬੀਰਾ ਕੋਚ, ਗੀਤ ਪ੍ਰੀਤ ਪਾਲ ਸਿੰਘ, ਪਰਮਜੀਤ ਸਿੰਘ ਬਸਰਾ ਆਦਿ ਹਾਜਰ

# ਪਿੰਡ ਲੱਖਪੁਰ ਵਿਖੇ ਸਜਾਇਆ 648ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਨਗਰ ਕੀਰਤਨ

ਫਗਵਾੜਾ ( ਸੁਸ਼ੀਲ ਸ਼ਰਮਾ ) ਸ਼੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਪਿੰਡ ਲੱਖਪੁਰ ਤਹਿਸੀਲ ਫਗਵਾੜਾ ਵਲੋਂ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ 648ਵੇਂ ਪ੍ਰਕਾਸ਼ ਪੁਰਬ ਦੇ ਸਬੰਧ ਵਿਚ ਵਿਸ਼ਾਲ ਨਗਰ ਕੀਰਤਨ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਪਿੰਡ ਦੇ ਗੁਰਦੁਆਰਾ/ਧਰਮਸ਼ਾਲਾ ਤੋਂ ਸਜਾਇਆ ਗਿਆ। ਧੰਨ-ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਸਜਾਏ ਨਗਰ ਕੀਰਤਨ ਦਾ ਸੰਗਤਾਂ ਵਲੋਂ ਥਾਂ-ਥਾਂ ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਦੌਰਾਨ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦਾ ਸੁੰਦਰ ਪਾਲਕੀ ਵਿਚ ਸੁਸ਼ੋਭਿਤ ਸਰੂਪ ਵੀ ਖਿੱਚ ਦਾ ਕੇਂਦਰ ਸੀ। ਸੰਗਤਾਂ ਨੇ ਜਿੱਥੇ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੁੰਦਰ ਰੁਮਾਲੇ ਭੇਂਟ ਕੀਤੇ, ਉੱਥੇ ਹੀ ਨਤਮਸਤਕ ਹੋ ਕੇ ਗੁਰੂ ਰਵਿਦਾਸ ਮਹਾਰਾਜ ਦਾ ਆਸ਼ੀਰਵਾਦ ਲਿਆ। ਨਗਰ ਕੀਰਤਨ ਦੌਰਾਨ ਮਿਸ਼ਨਰੀ ਕਲਾਕਾਰ ਵਿੱਕੀ ਬਹਾਦਰਕੇ ਨੇ ਵੱਖ-ਵੱਖ ਪੜਾਵਾਂ 'ਤੇ ਜੋਸ਼ੀਲੇ ਗੀਤਾਂ ਰਾਹੀਂ ਸ਼੍ਰੀ ਗੁਰੂ ਰਵਿਦਾਸ ਮਹਾਰਾਜ ਦੀ ਮਹਿਮਾ ਦਾ ਸੁੰਦਰ ਗੁਣਗਾਨ ਕੀਤਾ। ਸੰਗਤਾਂ ਦੀ ਸੇਵਾ ਵਿਚ ਵੱਖ-ਵੱਖ ਪਕਵਾਨਾ ਦੇ ਲੰਗਰ ਵੀ ਲਗਾਏ ਗਏ ਸਨ। ਪ੍ਰਬੰਧਕਾਂ ਵਲੋਂ ਸਮੂਹ ਸੰਗਤਾਂ ਨੂੰ ਗੁਰੂ ਮਹਾਰਾਜ ਦੇ 648ਵੇਂ ਪ੍ਰਕਾਸ਼ ਪੁਰਬ ਦੀ ਵਧਾਈ ਦਿੱਤੀ ਗਈ ਅਤੇ ਉਹਨਾਂ ਦੇ ਦਰਸਾਏ ਮਾਰਗ ਤੇ ਚੱਲਣ ਲਈ ਪ੍ਰੇਰਿਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿਚ ਪਿੰਡ ਦੀਆਂ ਸੰਗਤਾਂ ਅਤੇ ਪਤਵੰਤੇ ਹਾਜਰ ਸਨ।







# ਚੰਡੀਗੜ੍ਹ ਦੇ ਦੋ ਲੇਖਕਾਂ, ਪ੍ਰੇਮ ਵਿਜ ਅਤੇ ਡਾ. ਵਿਨੋਦ ਸ਼ਰਮਾ ਨੂੰ ਰਾਸ਼ਟਰੀ ਪੁਰਸਕਾਰ ਸਾਹਿਤ ਭੂਸ਼ਣ ਸਨਮਾਨ ਨਾਲ ਕੀਤਾ ਸਨਮਾਨਿਤ





ਚੰਡੀਗੜ੍ਹ। ਬੀਪੀਏ ਫਾਊਂਡੇਸ਼ਨ ਅਤੇ ਇੰਡੀਆ ਨੈੱਟਬੁੱਕਸ ਹਰ ਸਾਲ ਸਾਹਿਤਕਾਰਾਂ ਨੂੰ ਸਨਮਾਨਿਤ ਕਰਦੇ ਹਨ। ਇਸ ਸਾਲ, ਚੰਡੀਗੜ੍ਹ ਦੇ ਦੋ ਪ੍ਰਸਿੱਧ ਸਾਹਿਤਕਾਰਾਂ, ਪ੍ਰੇਮ ਵਿਜ ਅਤੇ ਡਾ. ਵਿਨੋਦ ਸ਼ਰਮਾ ਨੂੰ ਹਿੰਦੀ ਸਾਹਿਤ ਪ੍ਰਤੀ ਉਨ੍ਹਾਂ ਦੀਆਂ ਸੇਵਾਵਾਂ ਦੇ ਮੱਦੇਨਜ਼ਰ ਰਾਸ਼ਟਰੀ ਪੱਧਰ ਦੇ ਸਾਹਿਤ ਭੂਸ਼ਣ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ ਹੈ। ਇਹ ਪੁਰਸਕਾਰ ਹੋਟਲ ਕਰਾਊਨ ਪਲਾਜ਼ਾ-13ਬੀ, ਮਯੂਰ ਵਿਹਾਰ ਫੇਜ਼-1, ਦਿੱਲੀ ਵਿਖੇ ਪੇਸ਼ ਕੀਤੇ ਗਏ। 7ਵੇਂ ਬੀਪੀਏ ਫਾਊਂਡੇਸ਼ਨ ਅਤੇ ਇੰਡੀਆ ਨੈੱਟਬੁੱਕਸ ਸਾਹਿਤਕਾਰ ਸਨਮਾਨ ਸਮਾਰੋਹ ਵਿੱਚ ਗਿਰੀਸ਼ ਪੰਕਜ ਨੂੰ ਵੇਦਵਿਆਸ, ਦਿਵਿਕ ਰਮੇਸ਼ ਨੂੰ ਮਹਾਕਵੀ ਕਾਲੀਦਾਸ ਅਤੇ ਸੰਤੋਸ਼ ਸ਼੍ਰੀਵਾਸਤਵ ਨੂੰ ਵਾਗੇਸ਼ਵਰੀ ਪੁਰਸਕਾਰ ਨਾਲ ਸਨਮਾਨਿਤ ਕੀਤਾ ਗਿਆ। ਸਮਾਗਮ ਦੀ ਮੁੱਖ ਮਹਿਮਾਨ ਚਿਤਰਾ ਮੁੱਦਲ ਸੀ। ਖੇਤਰੀ ਭਾਸ਼ਾਵਾਂ ਦੇ ਸਨਮਾਨ ਵਿੱਚ, ਸੀਪੀ ਦੇਵਲ ਨੂੰ ਰਾਜਸਥਾਨੀ ਲਈ ਵਿਸ਼ੇਸ਼ ਸ਼ਿਖਰ ਸਨਮਾਨ, ਬੋਡੋ ਭਾਸ਼ਾ ਲਈ ਯੂਜੀ ਬ੍ਰਹਮਾ, 25 ਸਾਹਿਤ ਵਿਭੂਸ਼ਣ ਸਨਮਾਨ, 30 ਸਾਹਿਤ ਭੂਸ਼ਣ ਸਨਮਾਨ, 45 ਸਾਹਿਤ ਰਤਨ ਸਨਮਾਨ ਦਿੱਤੇ ਗਏ। ਬੀਪੀਏ ਫਾਊਂਡੇਸ਼ਨ ਦੇ ਚੇਅਰਮੈਨ ਸੰਜੀਵ ਕੁਮਾਰ ਨੇ ਕਿਹਾ ਕਿ ਪੁਰਸਕਾਰਾਂ ਦਾ ਉਦੇਸ਼ ਉਨ੍ਹਾਂ ਸਾਹਿਤਕਾਰਾਂ ਦੇ ਸ਼ਾਨਦਾਰ ਯੋਗਦਾਨ ਅਤੇ ਪ੍ਰਾਪਤੀਆਂ ਨੂੰ ਮਾਨਤਾ ਦੇਣਾ ਹੈ ਜਿਨ੍ਹਾਂ ਨੇ ਸਾਹਿਤ ਦੇ ਵੱਖ-ਵੱਖ ਖੇਤਰਾਂ ਵਿੱਚ ਮਹੱਤਵਪੂਰਨ ਤਰੱਕੀ ਦੇ ਨਾਲ ਬੇਮਿਸਾਲ ਸੇਵਾਵਾਂ ਦਿੱਤੀਆਂ ਹਨ। ਇਸ ਮੌਕੇ ਮਨੋਰਮਾ, ਕਾਮਿਨੀ ਮਿਸ਼ਰਾ, ਪ੍ਰਮੋਦ ਮਿਸ਼ਰਾ, ਪੀਯੂਸ਼ ਸ਼ੁਕਲਾ, ਮਮਤਾ ਕਾਲੀਆ, ਪ੍ਰੇਮ ਜਨਮੇਜਯਾ, ਰਣਵਿਜੇ ਰਾਓ, ਮੁਕੇਸ਼ ਭਾਰਦਵਾਜ, ਮਧੂ ਕਾਂਤ ਆਦਿ ਵੀ ਮੌਜੂਦ ਸਨ।

# ਫਗਵਾੜਾ ਦੇ ਪੇਂਡੂ ਇਲਾਕਿਆਂ 'ਚ ਲਿੰਕ ਸੜਕਾਂ ਦੇ ਡੂੰਘੇ ਖੱਡੇ ਦੇ ਰਹੇ ਹਾਦਸਿਆਂ ਨੂੰ ਸੱਦਾ

ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਸਬ ਡਵੀਜਨ ਦੇ ਪੇਂਡੂ ਇਲਾਕਿਆਂ ਵਿਚ ਲਿੰਕ ਸੜਕਾਂ ਦੀ ਤਰਸਯੋਗ ਹਾਲਤ ਰੋਜਾਨਾ ਹਾਦਸਿਆਂ ਨੂੰ ਸੱਦਾ ਦੇ ਰਹੀ ਹੈ। ਜਿਸ ਨੂੰ ਲੈ ਕੇ ਪਿੰਡਾਂ ਦੇ ਵਸਨੀਕਾਂ ਵਿਚ ਸਰਕਾਰ ਪ੍ਰਤੀ ਡੂੰਘਾ ਰੋਸ ਹੈ। ਇਸ ਮੁੱਦੇ 'ਤੇ ਗੱਲਬਾਤ ਕਰਦਿਆਂ ਵੱਖ-ਵੱਖ ਪਿੰਡਾਂ ਦੇ ਵਸਨੀਕਾਂ ਅਤੇ ਰਾਹਗੀਰਾਂ ਨੇ ਕਿਹਾ ਕਿ ਪੇਂਡੂ ਇਲਾਕਿਆਂ ਵਿਚ ਸੜਕਾਂ ਦੀ ਹਾਲਤ ਨੇ ਭਗਵੰਤ ਮਾਨ ਸਰਕਾਰ ਦੇ ਖੋਖਲੇ ਦਾਅਵਿਆਂ ਦੀ ਪੋਲ ਖੋਲ੍ਹ ਕੇ ਰੱਖ ਦਿੱਤੀ ਹੈ। ਉਹਨਾਂ ਕਿਹਾ ਕਿ ਇਕ ਪਾਸੇ ਮੁੱਖ ਮੰਤਰੀ ਪੰਜਾਬ ਦੀਆਂ ਸੜਕਾਂ ਨੂੰ ਮਲਾਈ ਵਰਗੀਆਂ ਮੁਲਾਇਮ ਬਨਾਉਣ ਦੀ ਗੱਲ ਕਰਦੇ ਹਨ ਪਰ ਦੂਸਰੇ ਪਾਸੇ ਜਮੀਨੀ ਹਕੀਕਤ ਇਹ ਹੈ ਕਿ ਸੜਕਾਂ ਵਿਚ ਡੂੰਘ ਅਤੇ ਵੱਡੇ ਟੋਏ ਪਏ ਹੋਏ ਹਨ। ਭਗਵੰਤ ਮਾਨ ਸਰਕਾਰ ਨੂੰ ਸੱਤਾ ਵਿਚ ਆਏ ਤਿੰਨ ਸਾਲ ਬੀਤ ਜਾਣ ਦੇ ਬਾਵਜੂਦ ਅੱਜ ਤੱਕ ਟੁੱਟੀਆਂ ਸੜਕਾਂ ਦੀ ਸਾਰ ਨਹੀਂ ਲਈ ਗਈ। ਜਿਸ ਕਰਕੇ ਵਾਹਨ ਚਾਲਕ ਦੁਰਘਟਨਾ ਦਾ ਸ਼ਿਕਾਰ ਹੋ ਰਹੇ ਹਨ ਅਤੇ ਜਾਨ-ਮਾਲ ਦੇ ਨੁਕਸਾਨ ਦਾ ਖਦਸ਼ਾ ਬਣਿਆ ਹੋਇਆ ਹੈ। ਇਲਾਕੇ ਦੇ ਲੋਕਾਂ ਤੇ ਰਾਹਗੀਰਾਂ ਲਈ ਇਹ ਟੁੱਟੀਆਂ ਖਸਤਾਹਾਲ ਸੜਕਾਂ ਮੁਸੀਬਤ ਬਣ ਗਈਆਂ ਹਨ। ਬਰਸਾਤ ਦੇ ਮੌਸਮ ਅਤੇ ਰਾਤ ਦੇ ਹਨ੍ਹੇਰੇ ਵਿਚ ਇਹਨਾਂ ਸੜਕਾਂ ਤੋਂ ਲੰਘਣਾ ਮੈਦਾਨ ਜਿੱਤਣ ਵਰਗੀ ਮੁਸ਼ਕਿਲ ਗੱਲ ਹੁੰਦੀ ਹੈ। ਉਹਨਾਂ ਸਬੰਧਤ ਵਿਭਾਗ ਦੇ ਅਧਿਕਾਰੀਆਂ ਵਲੋਂ ਇਸ ਸਮੱਸਿਆ ਨੂੰ ਅੱਖੋਂ ਪਰੋਖੇ ਕਰਨ ਦੀ ਨਖੇਦੀ ਕਰਦਿਆਂ ਕਿਹਾ ਕਿ ਕਿਸੇ ਵੀ ਸਰਕਾਰੀ ਅਫਸਰ ਨੇ ਲਿੰਕ ਸੜਕਾਂ ਦੀ ਸਾਰ ਲੈਣ ਦੀ ਜਹਿਮਤ ਨਹੀਂ ਚੁੱਕੀ। ਉਹਨਾਂ ਕਿਹਾ ਕਿ ਜੇਕਰ ਝੂਠੇ ਦਾਅਵੇ ਕਰਨ ਦਾ ਮੌਜੂਦਾ ਪੰਜਾਬ ਸਰਕਾਰ ਦਾ ਵਤੀਰਾ ਨਾ ਬਦਲਿਆ ਤਾਂ ਅਗਲੀਆਂ ਵਿਧਾਨਸਭਾ ਚੋਣਾਂ ਵਿਚ ਪੰਜਾਬ ਅੰਦਰ ਵੀ ਆਮ ਆਦਮੀ ਪਾਰਟੀ ਦਾ ਹਾਲ ਦਿੱਲੀ ਵਰਗਾ ਹੋਵੇਗਾ ਅਤੇ ਦੁਬਾਰਾ ਇਹ ਪਾਰਟੀ ਕਦੇ ਵੀ ਸੂਬੇ ਦੀ ਸੱਤਾ ਵਿਚ ਨਹੀਂ ਆ ਸਕੇਗੀ।



# ਸ਼ਹਿਰ ਦੀਆਂ ਸਾਰੀਆਂ ਵਾਰਡਾਂ ਵਿੱਚ ਪ੍ਰਧਾਨ ਨਿਯੁਕਤ ਕਰੇਗਾ ਰਾਸ਼ਟਰੀ ਹਿੰਦੂ ਚੇਤਨਾ ਮੰਚ:ਡਿੰਪੀ ਚੌਹਾਨ



ਅੰਮ੍ਰਿਤਸਰ ( ) ਰਾਸ਼ਟਰੀ ਹਿੰਦੂ ਚੇਤਨਾ ਮੰਚ ਦੀ ਜਰੂਰੀ ਮੀਟਿੰਗ ਮੰਚ ਦੇ ਕੌਮੀ ਪ੍ਰਧਾਨ ਅਸ਼ੋਕ ਡਿੰਪੀ ਚੌਹਾਨ ਵੱਲੋਂ ਗੋਕਲ ਵਿਹਾਰ ਬਟਾਲਾ ਰੋਡ ਵਿਖੇ ਬੁਲਾਈ ਗਈ। ਜਿਸ ਵਿੱਚ ਮੰਚ ਦੇ ਸੂਬਾ ਪ੍ਰਧਾਨ ਅਨੁਜ ਖੇਮਕਾ, ਸੂਬਾ ਮੀਤ ਪ੍ਰਧਾਨ ਸ਼ੰਕਰ ਅਰੋੜਾ, ਨਰੇਸ਼ ਮਹਾਜਰ, ਰਾਕੇਸ਼ ਖੰਨਾ, ਸੂਬਾ ਸਕੱਤਰ ਸੰਜੇ ਕੇਜਰੀਵਾਲ, ਜਿਲਾ ਜਨਰਲ ਸਕੱਤਰ ਪਰਦੀਪ ਸ਼ਰਮਾ, ਪ੍ਰੀਆਂਸ਼ੂ ਕੇਜਰੀਵਾਲ ਨੇ ਭਾਗ ਲਿਆ। ਮੀਟਿੰਗ ਵਿੱਚ ਬੋਲਦੇ ਹੋਏ ਕੌਮੀ ਪ੍ਰਧਾਨ ਡਿੰਪੀ ਚੌਹਾਨ ਨੇ ਦੱਸਿਆ ਕੀ ਜਲਦ ਹੀ ਮੰਚ ਨੂੰ ਵਾਰਡ ਸੱਤਰ ਤੱਕ ਸੰਗਠਿਤ ਕੀਤਾ ਜਾਵੇਗਾ ਅਤੇ ਸ਼ਹਿਰ ਦੀਆਂ ਸਾਰੀਆਂ 85 ਵਾਰਡਾਂ ਵਿੱਚ ਮੰਚ ਵੱਲੋਂ ਵਾਰਡ ਪ੍ਰਧਾਨ ਨਿਯੁਕਤ ਕੀਤੇ ਜਾਣਗੇ। ਉਹਨਾਂ ਨੇ ਕਿਹਾ ਕੀ ਸਫਲਤਾ ਲਈ ਸੰਗਠਨ ਦਾ ਮਜਬੂਤ ਹੋਣਾ ਬਹੁਤ ਜਰੂਰੀ ਹੈ। ਸੰਗਠਨ ਮਜਬੂਤ ਹੋਵੇਗਾ ਤੇ ਦੇਸ਼ ਮਜਬੂਤ ਹੋਵੇਗਾ। ਮੰਚ ਦਾ ਮੁੱਖ ਉਦੇਸ਼ ਨੌਜਵਾਨਾਂ ਦੇ ਵਿੱਚ ਰਾਸ਼ਟਰ ਦੇ ਪ੍ਰਤੀ ਚੇਤਨਾ ਪੈਦਾ ਕਰਨਾ ਹੈ। ਡਿੰਪੀ ਚੌਹਾਨ ਅਤੇ ਅਨਜ ਖੇਮਕਾ ਨੇ ਆਖਿਆ ਕਿ ਮੰਚ ਵੱਲੋਂ ਇਕ ਵਿਸ਼ਾਲ ਮੀਟਿੰਗ ਕਰਵਾਈ ਜਾਏਗੀ। ਜਿਸ ਵਿੱਚ ਭਰਿਸ਼ਟਾਚਾਰ,ਨਸ਼ਿਆਂ, ਭਰੂਨ ਹੱਤਿਆ,ਦਹੇਜ ਪ੍ਰਥਾ ਅਤੇ ਰਿਸ਼ਵਤ ਖੋਰੀ ਦੇ ਖਿਲਾਫ ਨੌਜਵਾਨਾਂ ਨੂੰ ਸਹ ਚੁਕਾਈ ਜਾਵੇਗੀ। ਉਨਾਂ ਨੇ ਆਖਿਆ ਕਿ ਮੰਚ ਵੱਲੋਂ ਸਮਾਜ ਭਲਾਈ ਦੇ ਕੰਮਾਂ ਵਿੱਚ ਵੱਧ ਚੜ੍ਹ ਕੇ ਭਾਗ ਲਿਆ ਜਾਵੇਗਾ ਅਤੇ ਜਰੂਰਤਮੰਦ ਲੋਕਾਂ ਦੀ ਮਦਦ ਕੀਤੀ ਜਾਵੇਗੀ।

ਅਦਾਰਾ ਰੋਜ਼ਾਨਾ ਲੋਕ ਬਾਣੀ ਅਖਬਾਰ ਵਿੱਚ ਛਾਪੀਆਂ ਜਾਂਦੀਆ ਖਬਰਾਂ , ਰਿਪੋਰਟਾਂ , ਲੇਕ, ਕਹਾਣੀਆਂ, ਕਵਿਤਾਵਾ ਅਤੇ ਹਰ ਕਿਸਮ ਦੇ ਇਸ਼ਤਿਹਾਰ ਵਿੱਚ ਦਿੱਤੀ ਗਈ । ਸੂਚਨਾਂ, ਵਿਚਾਰ ਆਦਿ ਨਾਲ ਅਖਬਾਰ ਦੇ ਪ੍ਰਬੰਧਕਾਂ ਦਾ ਸਹਿਮਤ ਜ਼ਰੂਰੀ ਨਹੀਂ ਹੈ । ਇਸ ਅਖਬਾਰ ਵਿੱਚ ਛੱਪੇ ਇਸ਼ਤਿਹਾਰ ( ਡਿਸਪਲੇ, ਕਲਾਸੀਫਾਈਡ) ਦੇ ਤੱਥਾਂ ਲਈ ਪ੍ਰਬੰਧਕ ਕੋਈ ਜੰਮੇਵਾਰੀ ਨਹੀ ਲੈਂਦੇ ਕਿਉਂਕਿ ਅਖਬਾਰ ਇੰਨਾ ਨੂੰ ਤਸਦੀਕ ਨਹੀਂ ਕਰਦਾ ਪਾਠਕਾਂ/ਸ਼ੁਭ ਚਿੰਤਕਾ ਨੂੰ ਬੇਨਤੀ ਹੈ । ਕਿ ਉਹ ਇੰਨਾ ਇਸ਼ਤਿਹਾਰਾਂ ਤੇ ਕੋਈ ਕਾਰਵਾਈ ਕਰਨ ਤੋਂ ਪਹਿਲਾਂ ਇੰਨਾਂ ਤੱਥਾਂ ਦੀ ਪੜਤਾਲ , ਪੁਸ਼ਟੀਕਰ ਲੈਣ।ਰੋਜ਼ਾਨਾਲੋਕ ਬਾਣੀ ਚ ਪ੍ਰਕਾਸ਼ਿਤ ਸੱਮਗਰੀ ਅਤੇ ਹੋਰ ਵਾਦ-ਵਿਵਾਦ ਸਬੰਧੀ ਕੇਸਾ ਦਾ ਨਿਪਟਾਰਾ ਸਿਰਫ ਜਲੰਧਰ ਕੋਰਟ ਵਿੱਚ ਹੀ ਹੋਵੇਗਾ, ਲੇਖਕਾਂ ਦੀ ਰਾਏ ਨਾਲ ਸੰਪਾਦਕ ਦਾ ਸਹਿਮਤ ਹੋਣਾ ਜ਼ਰੂਰੀ ਨਹੀ । ਖਬਰਾਂ ਪ੍ਰਤੀ ਜਿੰਮੇਵਾਰੀ ਪੱਤਰਕਾਰ ਦੀ ਹੋਵੇਗੀ ।

Daily Lok Bani(Punjabi) R.N.I. Punpun/29016/2008 Editor, owner, Printer , Publisher, Amandeep Mehra , Printed at Rachna Printers , Railway Road Jalandhar Place of Publication :308 Sangam Complex milap Chowk , Jalandhar (India), Contact No.: 0181-2211009, Fax : 2211009, Email id : lokbani08@gmail.com, Editormehra@gmail.com

# ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੀ ਜਨਰਲ ਮੀਟਿੰਗ 'ਚ, ਆਉਣ ਵਾਲੇ ਪ੍ਰੋਜੈਕਟਾਂ ਬਾਰੇ ਹੋਈ ਚਰਚਾ



ਫਗਵਾੜਾ ( ਸੁਸ਼ੀਲ ਸ਼ਰਮਾ ) ਫਗਵਾੜਾ ਦੀ ਮੋਹਰੀ ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬ ਫਗਵਾੜਾ ਚੈਂਪੀਅਨ ਦੀ ਮਹੀਨਾਵਾਰ ਜਨਰਲ ਮੀਟਿੰਗ ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਦੀ ਪ੍ਰਧਾਨਗੀ ਹੇਠ ਹੋਈ। ਜਿਸ ਵਿੱਚ ਡਿਸਟ੍ਰਿਕਟ ਚੇਅਰਮੈਨ (ਪੀਸ ਪੋਸਟਰ) ਲਾਇਨ ਗੁਰਦੀਪ ਸਿੰਘ ਕੰਗ ਐਮਜੇਐਫ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਮੀਟਿੰਗ ਦੌਰਾਨ ਮਾਰਚ ਮਹੀਨੇ ਵਿੱਚ ਸਮਾਜ ਸੇਵਾ ਪ੍ਰੋਜੈਕਟਾਂ ਨੂੰ ਅੱਗੇ ਵਧਾਉਣ ਦੀ ਪ੍ਰਕਿਰਿਆ 'ਤੇ ਡੂੰਘਾਈ ਨਾਲ ਚਰਚਾ ਕੀਤੀ ਗਈ। ਸਭ ਤੋਂ ਪਹਿਲਾਂ ਕਲੱਬ ਦੇ ਸਕੱਤਰ ਲਾਇਨ ਦਿਨੇਸ਼ ਖਰਬੰਦਾ ਨੇ ਹੁਣ ਤੱਕ ਪੂਰੇ ਹੋਏ ਪ੍ਰੋਜੈਕਟਾਂ 'ਤੇ ਚਾਨਣਾ ਪਾਇਆ। ਇਸ ਤੋਂ ਬਾਅਦ ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਨੇ ਸਾਰੇ ਮੈਂਬਰਾਂ ਦਾ ਪਿਛਲੇ ਪ੍ਰੋਜੈਕਟਾਂ ਦੌਰਾਨ ਉਨ੍ਹਾਂ ਦੇ ਸਹਿਯੋਗ ਲਈ ਧੰਨਵਾਦ ਕੀਤਾ ਅਤੇ ਆਉਣ ਵਾਲੇ ਪ੍ਰੋਜੈਕਟਾਂ ਦੀ ਰੂਪ-ਰੇਖਾ 'ਤੇ ਮੈਂਬਰਾਂ ਤੋਂ ਸੁਝਾਅ ਲੈਂਦੇ ਹੋਏ ਕਿਹਾ ਕਿ ਆਉਣ ਵਾਲੇ ਪ੍ਰੋਜੈਕਟਾਂ ਲਈ ਬਜਟ ਤਿਆਰ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਕਲੱਬ ਵੱਖ-ਵੱਖ ਪ੍ਰੋਜੈਕਟਾਂ ਤਹਿਤ ਲੋੜਵੰਦਾਂ ਦੀ ਵੱਧ ਤੋਂ ਵੱਧ ਮਦਦ ਕਰਦਾ ਹੈ।

ਮਾਰਚ ਦੇ ਮਹੀਨੇ ਵਿੱਚ, ਪ੍ਰੋਜੈਕਟ ਮੁੱਖ ਤੌਰ 'ਤੇ ਹੋਲੀ ਮਹਾਉਤਸਵ ਅਤੇ ਸ਼ਹੀਦ ਭਗਤ ਸਿੰਘ ਦੇ ਸ਼ਹੀਦੀ ਦਿਵਸ ਨੂੰ ਸਮਰਪਿਤ ਕੀਤੇ ਜਾਣਗੇ। ਡਿਸਟ੍ਰਿਕਟ ਚੇਅਰਮੈਨ ਲਾਇਨ ਗੁਰਦੀਪ ਸਿੰਘ ਕੰਗ ਨੇ ਵੀ ਕਲੱਬ ਮੈਂਬਰਾਂ ਨੂੰ ਆਪਣੇ ਸੁਝਾਅ ਦਿੱਤੇ ਅਤੇ ਕਿਹਾ ਕਿ ਉਹ ਸਮਾਜ ਸੇਵਾ ਦੇ ਕੰਮਾਂ ਵਿੱਚ ਕਲੱਬ ਨੂੰ ਸਹੀ ਮਾਰਗਦਰਸ਼ਨ ਦੇਣ ਦੇ ਨਾਲ ਆਪਣੇ ਵੱਲੋਂ ਹਰ ਸੰਭਵ ਸਹਾਇਤਾ ਵੀ ਕਰਨਗੇ। ਉਨ੍ਹਾਂ ਨੇ ਕਲੱਬ ਮੈਂਬਰਾਂ ਵਲੋਂ ਸਥਾਪਨਾ ਦੇ ਪਹਿਲੇ ਵਰ੍ਹੇ ਵਿੱਚ ਹੀ ਅਨੇਕਾਂ ਸਮਾਜ ਸੇਵੀ ਪ੍ਰੋਜੈਕਟਾਂ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਪ੍ਰਸ਼ੰਸਾ ਕੀਤੀ ਅਤੇ ਕਲੱਬ ਦੇ ਪ੍ਰਧਾਨ ਲਾਇਨ ਸੰਜੀਵ ਸੂਰੀ ਅਤੇ ਉਨ੍ਹਾਂ ਦੀ ਟੀਮ ਦਾ ਉਤਸ਼ਾਹ ਵਧਾਇਆ। ਇਸ ਮੌਕੇ ਲਾਇਨ ਅਜੈ ਕੁਮਾਰ ਕੈਸ਼ੀਅਰ, ਲਾਇਨ ਸਤਵਿੰਦਰ ਸਿੰਘ ਭਮਰਾ ਪੀ.ਆਰ.ਓ. ਲਾਇਨ ਸੁਮਿਤ ਭੰਡਾਰੀ, ਲਾਇਨ ਐਸ.ਕੇ. ਅਗਰਵਾਲ, ਲਾਇਨ ਸ਼ਸ਼ੀ ਕਾਲੀਆ, ਲਾਇਨ ਜਰਨੈਲ ਸਿੰਘ, ਲਾਇਨ ਦਵਿੰਦਰ ਸਿੰਘ, ਲਾਇਨ ਸੰਜੀਵ ਲਾਂਬਾ, ਲਾਇਨ ਤਜਿੰਦਰ ਸਿੰਘ ਪਲਾਹਾ ਆਦਿ ਮੌਜੂਦ ਸਨ।

# ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦੇ ਤਹਿਤ ਲੋਹਟਬੱਦੀ ਵਿਖੇ ਪੁਲਿਸ ਵੱਲੋਂ ਮੀਟਿੰਗ ਕੀਤੀ ਗਈ।



ਰਾਏਕੋਟ, ( ਗੁਰਭਿੰਦਰ ਗੁਰੀ ) : ਪੰਜਾਬ ਸਰਕਾਰ ਵੱਲੋਂ ਨਸ਼ਿਆਂ ਖਿਲਾਫ ਸ਼ੁਰੂ ਕੀਤੀ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਦੇ ਤਹਿਤ ਅੱਜ ਨੇੜਲੇ ਪਿੰਡ ਲੋਹਟਬੱਦੀ ਵਿਖੇ ਪਬਲਿਕ ਮੀਟਿੰਗ ਕੀਤੀ ਗਈ। ਇਸ ਮੌਕੇ ਕ੍ਰਾਇਮ ਅਗੇਸਟ ਵੋਮੈਨ ਅਤੇ ਚਿਲਡਰਨ ਲੁਧਿਆਣਾ ਦਿਹਾਤੀ ਦੇ ਡੀਐਸਪੀ ਇੰਦਰਜੀਤ ਸਿੰਘ (ਵਾਧੂ ਚਾਰਜ ਰਾਏਕੋਟ) ਵਿਸ਼ੇਸ਼ ਤੌਰ ਤੇ ਹਾਜ਼ਰ ਹੋਏ। ਇਸ ਮੌਕੇ ਥਾਣਾ ਸਦਰ ਰਾਏਕੋਟ ਦੇ ਇੰਚਾਰਜ ਕੁਲਵਿੰਦਰ ਸਿੰਘ ਅਤੇ ਲੋਹਟਬੱਦੀ ਚੌਂਕੀ ਦੇ ਇੰਚਾਰਜ ਕੁਲਦੀਪ ਸਿੰਘ ਵੀ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡੀਐਸਪੀ ਇੰਦਰਜੀਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਇੱਕ ਵਿਸ਼ੇਸ਼ ਮੁਹਿੰਮ ਯੁੱਧ ਨਸ਼ੇ ਵਿਰੁੱਧ ਸ਼ੁਰੂ ਕੀਤੀ ਗਈ ਹੈ, ਤਾਂ ਕਿ ਸੂਬੇ ਵਿੱਚੋਂ ਨਸ਼ਿਆਂ ਦੀ ਜੜ੍ਹ ਨੂੰ ਖ਼ਤਮ ਕੀਤਾ ਜਾ ਸਕੇ। ਉਨ੍ਹਾਂ ਕਿਹਾ ਕਿ ਪੁਲਿਸ ਇੱਕਲਿਆ ਨਸ਼ਿਆਂ ਨੂੰ ਖ਼ਤਮ ਨਹੀਂ ਕਰ ਸਕਦੀ, ਜਿਸ ਲਈ ਲੋਕਾਂ ਦੇ ਸਾਥ ਦੀ ਲੋੜ ਹੈ। ਡੀਐਸਪੀ ਇੰਦਰਜੀਤ ਸਿੰਘ ਨੇ ਕਿਹਾ ਕਿ ਜੇਕਰ ਤੁਹਾਡੇ ਪਿੰਡ ਜਾਂ ਇਲਾਕੇ ਵਿੱਚ ਨਸ਼ੇ ਵੇਚਦਾ ਹੈ ਤਾਂ ਉਸ ਬਾਰੇ ਉਨ੍ਹਾਂ ਨੂੰ ਸੂਚਿਤ ਕਰੋ, ਸੂਚਨਾਂ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ ਅਤੇ ਨਸ਼ਾ ਤਸਕਰਾਂ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਜੇਕਰ ਕੋਈ ਵਿਅਕਤੀ ਨਸ਼ੇ ਦਾ ਆਦੀ ਹੈ ਤਾਂ ਉਸ ਨਾਲ ਗੱਲਬਾਤ ਕਰਕੇ ਨਸ਼ਾ ਛਡਾਉਣ ਲਈ ਪ੍ਰੇਰਿਤ ਕਰੋ ਅਤੇ ਉਸਦਾ ਇਲਾਜ ਕਰਵਾਓ। ਇਸ ਮੌਕੇ ਥਾਣਾ ਸਦਰ ਦੇ ਇੰਚਾਰਜ ਕੁਲਵਿੰਦਰ ਸਿੰਘ ਨੇ ਕਿਹਾ ਕਿ ਪੁਲਿਸ ਲੋਕਾਂ ਦੀ ਸੁਰੱਖਿਆ ਲਈ ਹੈ। ਇਲਾਕੇ ਵਿੱਚ ਕਿਸੇ ਵੀ ਨਸ਼ਾ ਤਸਕਰ ਜਾਂ ਸ਼ਰਾਰਤੀ ਅਨਸਰਾਂ ਨੂੰ ਬਖਸਿਆ ਨਹੀਂ ਜਾਵੇਗਾ।

# ਕਾਨਪੁਰ ਚ ਦੋਸਤ ਦੇ ਸੱਦੇ ਤੇ ਆਏ ਨੌਜਵਾਨ ਨੂੰ ਕਾਰ ਨੇ ਕੁਚਲਿਆ, ਦੋ ਜ਼ਖਮੀ, ਜਾਂਚ ਸ਼ੁਰੂ



ਕਾਨਪੁਰ। ( ਸੁਨੀਲ ਬਾਜਪਾਈ) ਕਿਸੇ ਨਾ ਕਿਸੇ ਕਾਰਨ ਨੌਜਵਾਨਾਂ ਨੂੰ ਮਾਰਨ ਦਾ ਸਿਲਸਿਲਾ ਲਗਾਤਾਰ ਜਾਰੀ ਹੈ, ਜਿਸ ਕਾਰਨ ਇੱਕ ਹੋਰ ਨੌਜਵਾਨ ਦੀ ਮੌਤ ਹੋ ਗਈ। ਉਹ ਕਿਸੇ ਦੋਸਤ ਦੇ ਸੱਦੇ ਤੇ ਆਇਆ ਸੀ। ਇਸ ਤੋਂ ਬਾਅਦ ਉਸ ਦੀ ਖ਼ੂਨ ਨਾਲ ਲੱਥਪੱਥ ਲਾਸ਼ ਬਰਾਮਦ ਹੋਈ। ਦੋਸ਼ ਹੈ ਕਿ ਇਸ ਤੋਂ ਪਹਿਲਾਂ ਵੀ ਝਗੜਾ ਹੋਇਆ ਸੀ, ਜਿਸ ਕਾਰਨ ਉਸ ਨੂੰ ਕਾਰ ਨੇ ਕੁਚਲ ਕੇ ਮਾਰ ਦਿੱਤਾ ਸੀ। ਘਟਨਾ ਤੋਂ ਬਾਅਦ ਉਸ ਦੇ ਦੋਵੇਂ ਸਾਥੀ ਵੀ ਫਰਾਰ ਹਨ।

ਫਿਲਹਾਲ ਪੁਲਸ ਰਿਪੋਰਟ ਦਰਜ ਕਰ ਕੇ ਦੋਸ਼ੀਆਂ ਦੀ ਭਾਲ ਕਰਨ ਦੇ ਨਾਲ-ਨਾਲ ਜਾਂਚ ਕਰ ਰਹੀ ਹੈ।

ਪ੍ਰਾਪਤ ਜਾਣਕਾਰੀ ਅਨੁਸਾਰ ਸ਼ਿਵਰਾਜਪੁਰ ਥਾਣਾ ਖੇਤਰ ਦੇ ਪਿੰਡ ਬੁੱਢਾਪੁਰ ਨੇੜੇ ਕਾਕੂਪੁਰ ਹਲਬਾਲ ਪਿੰਡ ਵਾਸੀ 26 ਸਾਲਾ ਗੋਵਿੰਦ ਪਾਲ ਦੀ ਲਾਸ਼ ਖ਼ੂਨ ਨਾਲ ਲੱਥਪੱਥ ਹਾਲਤ ਵਿੱਚ ਮਿਲੀ। ਉਹ ਆਪਣੇ ਪਰਿਵਾਰ ਦਾ ਇੱਕੋ ਇੱਕ ਸਹਾਰਾ ਸੀ।

ਪਰਿਵਾਰਕ ਮੈਂਬਰਾਂ ਵੱਲੋਂ ਮੌਕੇ ਤੇ ਪਹੁੰਚੀ ਪੁਲਸ ਨੂੰ ਦਿੱਤੀ ਜਾਣਕਾਰੀ ਅਨੁਸਾਰ ਗੋਵਿੰਦ ਸ਼ਨੀਵਾਰ ਸ਼ਾਮ ਨੂੰ ਬਿਲਹੌਰ ਚ ਇਕ ਵਿਆਹ ਸਮਾਗਮ ਚ ਗਿਆ ਹੋਇਆ ਸੀ। ਉਥੋਂ ਉਸ ਨੂੰ ਆਪਣੇ ਦੋਸਤ ਆਦਿ ਯਾਦਵ ਦਾ ਫੋਨ ਆਇਆ। ਪਿੰਡ ਜਗਤਪੁਰ ਚ ਝਗੜੇ ਦੀ ਸੂਚਨਾ ਮਿਲਣ ਤੇ ਉਹ ਸਕੂਟੀ ਤੇ ਉਥੇ ਚਲਾ ਗਿਆ। ਉਸ ਦੀ ਲਾਸ਼ ਐਤਵਾਰ ਸਵੇਰੇ ਪਿੰਡ ਬੁੱਢਾਪੁਰ ਨੇੜੇ ਸੜਕ ਕਿਨਾਰੇ ਮਿਲੀ। ਉਸ ਦਾ ਸਕੂਟਰ ਅਤੇ ਇਕ ਹੋਰ ਬਾਈਕ ਵੀ ਮੌਕੇ ਤੇ ਹੀ ਪਈ ਸੀ।

ਇਸ ਦੌਰਾਨ ਪਤਾ ਲੱਗਾ ਹੈ ਕਿ ਰਾਤ ਸਮੇਂ ਦੋ ਧੜਿਆਂ ਵਿੱਚ ਝਗੜਾ ਹੋ ਗਿਆ। ਮੌਕੇ ਤੇ ਗੋਲੀਬਾਰੀ ਵੀ ਹੋਈ ਅਤੇ ਵਾਹਨ ਆਪਸ ਚ ਟਕਰਾ ਗਏ। ਦੋਸ਼ ਹੈ ਕਿ ਇਕ ਕਾਰ ਨੇ ਜਾਣਬੁੱਝ ਕੇ ਗੋਵਿੰਦ ਨੂੰ ਟੱਕਰ ਮਾਰ ਕੇ ਕੁਚਲ ਦਿੱਤਾ। ਇਸ ਘਟਨਾ ਚ ਦੋ ਹੋਰ ਲੋਕ ਵੀ ਜ਼ਖਮੀ ਹੋਏ ਹਨ, ਜਿਨ੍ਹਾਂ ਨੂੰ ਹਸਪਤਾਲ ਚ ਭਰਤੀ ਕਰਵਾਇਆ ਗਿਆ ਹੈ। ਪੁਲਸ ਨੇ ਦੱਸਿਆ ਕਿ ਘਟਨਾ ਦੀ ਰਿਪੋਰਟ ਦਰਜ ਕਰ ਲਈ ਗਈ ਹੈ ਅਤੇ ਫਰਾਰ ਦੋਸ਼ੀਆਂ ਦੀ ਭਾਲ ਕੀਤੀ ਜਾ ਰਹੀ ਹੈ।

# ਅਥਰਵ ਅਵਾਰਡ ਆਫ਼ ਐਕਸੀਲੈਂਸ 1 ਜੂਨ ਨੂੰ



ਚੰਡੀਗੜ੍ਹ: ਅਥਰਵ ਐਵਾਰਡਜ਼ ਆਫ ਐਕਸੀਲੈਂਸ 1 ਜੂਨ ਨੂੰ ਆਯੋਜਿਤ ਕੀਤਾ ਜਾਵੇਗਾ। ਇਹ ਵੱਕਾਰੀ ਪੁਰਸਕਾਰ ਪ੍ਰੋਗਰਾਮ ਭਾਰਤ ਭਰ ਦੇ ਉੱਤਮ ਅੰਡਰਗ੍ਰੈਜੂਏਟ, ਪੋਸਟ ਗ੍ਰੈਜੂਏਟ ਅਤੇ ਪੀਐਚਡੀ ਖੋਜਕਰਤਾਵਾਂ ਨੂੰ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਲਈ ਇੱਕ ਰਾਸ਼ਟਰੀ ਪਲੇਟਫਾਰਮ ਤੇ ਮਾਨਤਾ ਦੇਵੇਗਾ।

ਅਥਰਵ ਗਰੁੱਪ ਆਫ਼ ਇੰਸਟੀਚਿਊਟਸ ਦੇ ਕਾਰਜਕਾਰੀ ਚੇਅਰਮੈਨ ਸੁਨੀਲ ਨੇ ਕਿਹਾ ਕਿ ਖੋਜ, ਤਕਨਾਲੋਜੀ ਅਤੇ ਨਵੀਨਤਾ ਦੇ ਖੇਤਰ ਵਿੱਚ ਉਨ੍ਹਾਂ ਦੇ ਅਸਾਧਾਰਨ ਯੋਗਦਾਨ ਨੂੰ ਸਨਮਾਨਿਤ ਕਰਕੇ ਅਸੀਂ ਭਾਰਤ ਦੇ ਨੌਜਵਾਨ ਖੋਜਕਰਤਾਵਾਂ ਦੀ ਬੁੱਧੀ, ਸਮਰੱਥਾ, ਕੁਸ਼ਲਤਾ, ਪ੍ਰਤਿਭਾ ਅਤੇ ਬੌਧਿਕ ਸ਼ਕਤੀ ਨੂੰ ਉਜਾਗਰ ਕਰਨਾ ਚਾਹੁੰਦੇ ਹਾਂ।

ਨਵੀਨਤਾ ਨੂੰ ਪ੍ਰੇਰਿਤ ਕਰਨ ਅਤੇ ਉੱਤਮਤਾ ਦਾ ਸਨਮਾਨ ਕਰਨ ਦੇ ਮਿਸ਼ਨ ਦੇ ਨਾਲ, ਇਹ ਪੁਰਸਕਾਰ ਰੋਬੋਟਿਕਸ, ਪੁਲਾੜ ਖੋਜ ਅਤੇ ਉੱਭਰ ਰਹੀਆਂ ਤਕਨਾਲੋਜੀਆਂ ਵਰਗੇ ਅਤਿ-ਆਧੁਨਿਕ ਖੇਤਰਾਂ ਵਿੱਚ ਬੇਮਿਸਾਲ ਯੋਗਦਾਨਾਂ ਦਾ ਸਨਮਾਨ ਕਰੇਗਾ। ਹਰੇਕ ਵਰਗ ਵਿੱਚ ਇੱਕ ਪੁਰਸ਼ ਅਤੇ ਇੱਕ ਮਹਿਲਾ ਜੇਤੂ ਚੁਣਿਆ ਜਾਵੇਗਾ, ਜਿਸਨੂੰ ਇੱਕ ਟਰਾਫੀ ਅਤੇ 50,000 ਰੁਪਏ ਦਾ ਇਨਾਮ ਦਿੱਤਾ ਜਾਵੇਗਾ। ਇਸ ਪਹਿਲਕਦਮੀ ਦਾ ਉਦੇਸ਼ ਇੰਜੀਨੀਅਰਿੰਗ ਖੇਤਰ ਵਿੱਚ ਸਭ ਤੋਂ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਪ੍ਰੇਰਿਤ ਕਰਨਾ, ਉਤਸ਼ਾਹਿਤ ਕਰਨਾ ਅਤੇ ਇਨਾਮ ਦੇਣਾ ਹੈ।

ਇਹ ਸਮਾਗਮ ਪ੍ਰਮੁੱਖ ਅਕਾਦਮਿਕ, ਖੋਜਕਰਤਾਵਾਂ, ਉਦਯੋਗ ਮਾਹਿਰਾਂ ਅਤੇ ਨੀਤੀ ਨਿਰਮਾਤਾਵਾਂ ਨੂੰ ਇਕੱਠੇ ਲਿਆਏਗਾ, ਜਿਸ ਨਾਲ ਇਹ ਭਾਰਤ ਦੀ ਸਿੱਖਿਆ ਅਤੇ ਖੋਜ ਦੇ ਲੈਂਡਸਕੇਪ ਵਿੱਚ ਇੱਕ ਇਤਿਹਾਸਕ ਪਲ ਹੋਵੇਗਾ।

ਇਹ ਪੁਰਸਕਾਰ ਨਵੀਨਤਾ ਨੂੰ ਮਾਨਤਾ ਦੇਣ ਦੇ ਨਾਲ-ਨਾਲ ਭਵਿੱਖ ਦੀ ਤਰੱਕੀ ਲਈ ਇੱਕ ਉਤਪ੍ਰੇਰਕ ਵਜੋਂ ਕੰਮ ਕਰਨਗੇ, ਤਾਂ ਜੋ ਭਾਰਤ ਦੀ ਨੌਜਵਾਨ ਪ੍ਰਤਿਭਾ ਨੂੰ ਸਮਰਥਨ ਅਤੇ ਮਾਨਤਾ ਮਿਲ ਸਕੇ ਜਿਸ ਦੇ ਉਹ ਹੱਕਦਾਰ ਹਨ।

ਅਵਾਰਡਾਂ ਦਾ ਸ਼ਾਨਦਾਰ ਸਮਾਗਮ ਭਾਰਤ ਭਰ ਦੇ ਖੋਜਕਰਤਾਵਾਂ ਅਤੇ ਖੋਜਕਾਰਾਂ ਦੀ ਮੌਜੂਦਗੀ ਵਿੱਚ ਪ੍ਰਮੁੱਖ ਸਿੱਖਿਆ ਸ਼ਾਸਤਰੀਆਂ ਦੇ ਨਾਲ ਸਿੱਖਿਆ ਖੇਤਰ ਵਿੱਚ ਇੱਕ ਮਹੱਤਵਪੂਰਨ ਮੀਲ ਪੱਥਰ ਦੀ ਨਿਸ਼ਾਨਦੇਹੀ ਕਰੇਗਾ।

# ਪਹਿਲੇ ਸਰਬ ਭਾਰਤੀ ਪੁਲਿਸ ਕਬੱਡੀ ਕਲੱਸਟਰ 2024-25 ਦੀਆਂ ਤਿਆਰੀਆਂ ਮੁਕੰਮਲ: ਇੰਦਰਬੀਰ ਸਿੰਘ



ਜਲੰਧਰ, : ਪੰਜਾਬ ਪੁਲਿਸ ਦੇ ਸਪੋਰਟਸ ਸਕੱਤਰ ਨਵਜੋਤ ਸਿੰਘ ਮਾਹਲ ਨੇ ਦੱਸਿਆ ਕਿ ਪਹਿਲਾ ਸਰਬ ਭਾਰਤੀ ਪੁਲਿਸ ਕਬੱਡੀ ਕਲੱਸਟਰ 2024-25 ਮਿਤੀ 03-03-2025 ਤੋਂ 06-03-2025 ਤੱਕ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਦਸਿਆ ਕਿ ਪਹਿਲੇ ਸਰਬ ਭਾਰਤੀ ਪੁਲਿਸ ਕਬੱਡੀ ਕਲੱਸਟਰ ਦਾ ਰਸਮੀ ਉਦਘਾਟਨ ਏ.ਡੀ.ਜੀ.ਪੀ. ਸਟੇਟ ਆਰਮਡ ਪੁਲਿਸ ਐਮ.ਐਫ.ਫਾਰੂਕੀ ਵਲੋਂ 3 ਮਾਰਚ ਨੂੰ ਕੀਤਾ ਜਾਵੇਗਾ।

ਸ੍ਰੀ ਮਾਹਲ ਨੇ ਅੱਗੇ ਦੱਸਿਆ ਕਿ ਪਹਿਲੇ ਸਰਬ ਭਾਰਤੀ ਪੁਲਿਸ ਕਬੱਡੀ ਕਲੱਸਟਰ 2024-25 ਤਹਿਤ ਕਬੱਡੀ, ਜਿਮਨਾਸਟਿਕ ਅਤੇ ਖੋ-ਖੋ ਦੇ ਖੇਡ ਮੁਕਾਬਲੇ ਪੀ.ਏ.ਪੀ ਹੈੱਡਕੁਆਟਰ, ਜਲੰਧਰ ਅਤੇ ਫੈਨਸਿੰਗ ਦੇ ਮੁਕਾਬਲੇ ਲਵਲੀ ਪ੍ਰੋਫੈਕਸ਼ਨਲ ਯੂਨੀਵਰਸਿਟੀ ਫਗਵਾੜਾ ਵਿਖੇ ਕਰਵਾਏ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹਨਾਂ ਖੇਡਾਂ ਵਿੱਚ ਦੇਸ਼ ਭਰ ਦੀਆਂ 30 ਪੁਲਿਸ ਫੋਰਸਾਂ ਦੀਆਂ ਟੀਮਾਂ ਦੇ 2000 ਦੇ ਕਰੀਬ ਖਿਡਾਰੀ/ ਅਧਿਕਾਰੀ ਭਾਗ ਲੈ ਰਹੇ ਹਨ।

ਉਨ੍ਹਾਂ ਦੱਸਿਆ ਕਿ ਪੀ.ਏ.ਪੀ. ਹੈਡਕੁਆਰਟਰ, ਜਲੰਧਰ ਅਤੇ ਲਵਲੀ ਪ੍ਰੋਫ਼ੈਸ਼ਨਲ ਯੂਨੀਵਰਸਿਟੀ ਵਿਖੇ ਕਰਵਾਏ ਜਾ ਰਹੇ ਇਨ੍ਹਾਂ ਖੇਡ ਮੁਕਾਬਲਿਆਂ ਲਈ ਡੀ.ਆਈ.ਜੀ. ਪ੍ਰਸ਼ਾਸਨ ਪੀਏਪੀ ਇੰਦਰਬੀਰ ਸਿੰਘ ਦੀ ਨਿਗਰਾਨੀ ਹੇਠ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਡੀ.ਆਈ. ਜੀ. ਇੰਦਰਬੀਰ ਸਿੰਘ ਵਲੋਂ ਅੱਜ ਮੀਟਿੰਗ ਵੀ ਕੀਤੀ ਗਈ, ਜਿਸ ਦੌਰਾਨ ਵਲੋਂ ਆਈਆਂ ਟੀਮਾਂ ਨੂੰ ਜੀ ਆਇਆਂ ਆਖਿਆ ਗਿਆ।

# ਬਿਨਾ ਐਨ.ਓ.ਸੀ. ਤੋਂ ਹੋਵੇਗੀ ਰਜਿਸਟਰੀ-ਵਿਰਾਜ.ਐਸ.ਤਿੜਕੇ




ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼)
ਡਿਪਟੀ ਕਮਿਸ਼ਨਰ ਵਿਰਾਜ. ਐਸ.ਤਿੜਕੇ ਨੇ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਬਿਨਾ ਐਨ.ਓ.ਸੀ. ਤੋਂ ਰਜਿਸਟਰੀਆਂ ਕਰਨ ਦੀ 28 ਫਰਵਰੀ 2025 ਤੱਕ ਦੀ ਮਿਆਦ ਨੂੰ ਵਧਾ ਕੇ 31 ਅਗਸਤ 2025 ਕਰ ਦਿੱਤਾ ਹੈ ਜਿਸ ਨਾਲ 500 ਗਜ਼ ਤੱਕ ਦੇ ਪਲਾਟਾਂ ਦੀ ਰਜਿਸਟਰੀ ਬਿਨਾ ਐਨ.ਓ.ਸੀ. ਤੋਂ ਹੋਵੇਗੀ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਦੇ ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਵਲੋਂ ਜਾਰੀ ਨੋਟੀਫਿਕੇਸ਼ਨ ਅਨੁਸਾਰ ਬਿਨਾ ਐਨ.ਓ.ਸੀ. ਤੋਂ ਰਜਿਸਟਰੀਆਂ ਕਰਨ ਦੀ ਮਿਆਦ ਨੂੰ 1 ਮਾਰਚ ਤੋਂ 31 ਅਗਸਤ 2025 ਤੱਕ ਵਧਾਇਆ ਗਿਆ ਹੈ।

ਉਨ੍ਹਾਂ ਦੱਸਿਆ ਕਿ ਅਣ ਅਧਿਕਾਰਤ ਕਲੋਨੀਆਂ ਵਿਚ ਉਹ ਪਲਾਟ ਜਿਨ੍ਹਾਂ ਦੀ ਖਰੀਦ ਬਾਰੇ ਬਿਨੈਕਾਰਾਂ ਵਲੋਂ 31 ਜੁਲਾਈ 2024 ਤੋਂ ਪਹਿਲਾਂ ਅਸ਼ਟਾਮ ਰਾਹੀਂ ਐਗਰੀਮੈਂਟ ਆਦਿ ਕੀਤਾ ਗਿਆ ਹੈ ਤਾਂ ਬਿਨੇਕਾਰ 31 ਅਗਸਤ ਤੋਂ ਪਹਿਲਾਂ ਬਿਨਾ ਐਨ.ਓ.ਸੀ. ਤੋਂ ਰਜਿਸਟਰੀ ਕਰਵਾ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਇਸ ਸਬੰਧੀ ਜ਼ਿਲ੍ਹੇ ਵਿਚ ਮਾਲ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਜਾ ਚੁੱਕੇ ਹਨ ਕਿ ਹਦਾਇਤਾਂ ਦੀ ਇਨਬਿਨ ਪਾਲਣਾ ਨੂੰ ਯਕੀਨੀ ਬਣਾਇਆ ਜਾਵੇ ਤਾਂ ਜੋ ਲੋਕਾਂ ਨੂੰ ਵਧੀ ਮਿਆਦ ਦਾ ਲਾਭ ਮਿਲ ਸਕੇ।

# ਯੁੱਧ ਨਸ਼ਿਆਂ ਵਿਰੁੱਧ ; ਫਿਲੌਰ ਦੇ ਪਿੰਡ ਖ਼ਾਨਪੁਰ ਅਤੇ ਮੰਡੀ 'ਚ ਨਸ਼ਾ ਸਮੱਗਲਰਾਂ ਵਲੋਂ ਕੀਤੀਆਂ ਗਈਆਂ ਅਣ-ਅਧਿਕਾਰਤ ਉਸਾਰੀਆਂ ਨੂੰ ਢਾਹਿਆ



ਜਲੰਧਰ/ਫਿਲੌਰ : ਪੰਜਾਬ ਸਰਕਾਰ ਵਲੋਂ ਨਸ਼ਿਆਂ ਨੂੰ ਜੜ੍ਹੋਂ ਖ਼ਤਮ ਕਰਨ ਲਈ ਸ਼ੁਰੂ ਕੀਤੀ ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਿਆਂ ਦੇ ਖਾਤਮੇ ਅਤੇ ਨਸ਼ਾ ਤਸਕਰਾਂ ਵਲੋਂ ਕੀਤੇ ਗੈਰ-ਕਾਨੂੰਨੀ ਕਬਜ਼ਿਆਂ ਨੂੰ ਹਟਾਉਣ ਲਈ ਜਲੰਧਰ ਦਿਹਾਤੀ ਪੁਲਿਸ ਵਲੋਂ ਸਥਾਨਕ ਸਿਵਲ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਤਾਲਮੇਲ ਕਰਕੇ ਸਬ ਡਵੀਜ਼ਨ ਫਿਲੌਰ ਦੇ ਪਿੰਡ ਖਾਨਪੁਰ ਅਤੇ ਮੰਡੀ ਦੀ ਪੰਚਾਇਤੀ ਜ਼ਮੀਨ 'ਤੇ ਹੋਈਆਂ ਅਣਅਧਿਕਾਰਤ ਉਸਾਰੀਆਂ ਨੂੰ ਅੱਜ ਢਾਹਿਆ ਗਿਆ। ਇਹ ਗੈਰ ਕਾਨੂੰਨੀ ਉਸਾਰੀਆਂ ਦੋ ਵਿਅਕਤੀ ਜਿਨ੍ਹਾਂ ਦਾ ਨਸ਼ਿਆਂ ਦੇ ਕਾਰੋਬਾਰ ਨਾਲ ਸਬੰਧ ਹੈ, ਵਲੋਂ ਕੀਤੀਆਂ ਗਈਆ ਸਨ, ਜਿਨ੍ਹਾਂ ਨੂੰ ਕਾਨੂੰਨੀ ਪ੍ਰਕਿਰਿਆ ਮੁਕੰਮਲ ਕਰਨ ਉਪਰੰਤ ਢਾਹਿਆ ਗਿਆ ਹੈ।

ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਐਸ.ਐਸ.ਪੀ. ਜਲੰਧਰ (ਦਿਹਾਤੀ) ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ (ਬੀ.ਡੀ.ਪੀ.ਓ.) ਫਿਲੌਰ ਜਿਸ ਨੂੰ ਇਹਨਾਂ ਗੈਰ ਕਾਨੂੰਨੀ ਉਸਾਰੀਆਂ ਨੂੰ ਢਾਹੁਣ ਲਈ ਪੁਲਿਸ ਸਹਾਇਤਾ ਦੀ ਲੋੜ ਸੀ, ਦੀ ਬੇਨਤੀ 'ਤੇ ਕਰਵਾਈ ਕਰਦਿਆਂ ਢਾਹਿਆ ਗਿਆ ਹੈ। ਇਹ ਕਾਰਵਾਈ ਸਿੱਧੇ ਤੌਰ 'ਤੇ ਜਸਵੀਰ ਸਿਘ ਉਰਫ਼ ਸ਼ੀਰਾ ਪੁੱਤਰ ਦਲਵੀਰ ਉਰਫ਼ ਬੁਰ ਵਾਸੀ ਖਾਨਪੁਰ ਅਤੇ ਭੋਲੀ ਪਤਨੀ ਰਾਮਪਾਲ ਉਰਫ਼ ਰਾਮਾ ਵਾਸੀ ਪਿੰਡ ਮੰਡੀ ਵਿਰੁੱਧ ਕੀਤੀ ਗਈ ਹੈ। ਇਨ੍ਹਾਂ ਦੋਵਾਂ ਵਲੋਂ ਪੰਚਾਇਤੀ ਜ਼ਮੀਨਾਂ ਉਤੇ ਗੈਰ-ਕਾਨੂੰਨੀ ਢੰਗ ਨਾਲ ਕਬਜ਼ਾ ਕੀਤਾ ਹੋਇਆ ਸੀ।

ਐਸ.ਐਸ.ਪੀ. ਖੱਖ ਨੇ ਦੱਸਿਆ ਕਿ ਰਿਕਾਰਡ ਅਨੁਸਾਰ ਭੋਲੀ ਨਸ਼ਾ ਸਮੱਗਲਰ ਹੈ ਅਤੇ ਐਨ.ਡੀ.ਪੀ.ਐਸ.ਐਕਟ ਤਹਿਤ ਕਈ ਕੇਸਾਂ ਵਿੱਚ ਸ਼ਾਮਿਲ ਹੈ। ਇਸ ਕੋਲੋਂ ਸਾਲ 2005 ਵਿੱਚ 1.190 ਕਿਲੋਗ੍ਰਾਮ ਸਮੈਕ ਬਰਾਮਦ ਕੀਤੀ ਗਈ। ਇਸ ਤੋਂ ਇਲਾਵਾ ਸਾਲ 2015 ਵਿੱਚ 2 ਕਿਲੋ ਭੁੱਕੀ ਜ਼ਬਤ ਕੀਤੀ ਗਈ ਅਤੇ ਸਾਲ 2022 ਵਿੱਚ ਵੀ ਭਾਰੀ ਮਾਤਰਾ ਵਿੱਚ ਡਰੱਗ ਬਰਾਮਦ ਕੀਤੀ ਗਈ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਜਸਵੀਰ ਸਿੰਘ ਉਰਫ਼ ਸ਼ੀਰਾ ਦਾ ਨਾਮ ਵੀ ਕਈ ਕੇਸਾਂ ਜਿਵੇਂ ਕਿ ਵੱਡੀ ਮਾਤਰਾ ਵਿੱਚ ਚਰਸ ਅਤੇ ਨਸ਼ੇ ਦੇ ਟੀਕੇ ਬਰਾਮਦ ਕਰਨਾ, ਵਿੱਚ ਸ਼ਾਮਿਲ ਹੈ।

ਐਸ.ਐਸ.ਪੀ. ਖੱਖ ਨੇ ਕਿਹਾ ਕਿ ਪੁਲਿਸ ਵਲੋਂ ਮਾਲ ਅਤੇ ਪੰਚਾਇਤ ਵਿਭਾਗ ਦੇ ਅਧਿਕਾਰੀਆਂ ਨਾਲ ਮਿਲ ਕੇ ਗੈਰ ਕਾਨੂੰਨੀ ਉਸਾਰੀਆਂ ਨੂੰ ਸੁਚੱਜੇ ਢੰਗ ਨਾਲ ਢਾਹਿਆ ਗਿਆ। ਅਧਿਕਾਰੀਆਂ ਵਲੋਂ ਇਹ ਯਕੀਨੀ ਬਣਾਇਆ ਗਿਆ ਕਿ ਇਹ ਜਮੀਨ ਗਰਾਮ ਪੰਚਾਇਤ ਨਾਲ ਸਬੰਧਿਤ ਹੈ ਅਤੇ ਇਸ 'ਤੇ ਮੁਲਜ਼ਮਾਂ ਵਲੋਂ ਗੈਰ ਕਾਨੂੰਨੀ ਢੰਗ ਨਾਲ ਕਬਜ਼ਾ ਕੀਤਾ ਹੋਇਆ ਸੀ।

ਉਨ੍ਹਾਂ ਦੁਹਰਾਇਆ ਕਿ ਪੰਜਾਬ ਸਰਕਾਰ ਦੀਆਂ ਹਦਾਇਤਾਂ ਤੇ ਜਲੰਧਰ ਦਿਹਾਤੀ ਪੁਲਿਸ ਵਲੋਂ ਗੈਰ ਕਾਨੂੰਨੀ ਕਬਜ਼ਿਆਂ ਖਿਲਾਫ਼ ਕਾਰਵਾਈ ਨੂੰ ਜਾਰੀ ਰੱਖਿਆ ਜਾਵੇਗਾ ਅਤੇ ਇਹ ਯਕੀਨੀ ਬਣਾਇਆ ਜਾਵੇਗਾ ਕਿ ਜਨਤਕ ਜਮੀਨ 'ਤੇ ਗੈਰ ਕਾਨੂੰਨੀ ਕਬਜ਼ੇ ਕਰਕੇ ਕੋਈ ਵਿਅਕਤੀ ਲਾਭ ਨਾ ਉਠਾ ਸਕੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਅਜਿਹੀਆਂ ਗੈਰ ਕਾਨੂੰਨੀ ਗਤੀਵਿਧੀਆਂ ਸਬੰਧੀ ਜਾਣਕਾਰੀ ਦਿੱਤੀ ਜਾਵੇ। ਉਨ੍ਹਾਂ ਭਰੋਸਾ ਦੁਆਇਆ ਕਿ ਦੋਸ਼ੀਆ ਖਿਲਾਫ਼ ਤੁਰੰਤ ਤੇ ਸਖ਼ਤ ਕਾਰਵਾਈ ਕੀਤੀ ਜਾਵੇਗੀ।

ਐਸ.ਐਸ.ਪੀ. ਖੱਖ ਨੇ ਦੱਸਿਆ ਕਿ ਇਹ ਦੋਵੇਂ ਨਸ਼ਾ ਤਸਕਰ ਅਕਸਰ ਹੀ ਪਿੰਡ ਵਾਸੀਆਂ ਨੂੰ ਡਰਾਉਂਦੇ ਧਮਕਾਉਂਦੇ ਵੀ ਰਹਿੰਦੇ ਸਨ, ਜਿਸ ਸਦਕਾ ਸਥਾਨਕ ਲੋਕਾਂ ਵੱਲੋਂ ਪੰਜਾਬ ਸਰਕਾਰ ਦੀ ਇਸ ਕਾਰਵਾਈ ਦਾ ਸਵਾਗਤ ਕੀਤਾ ਜਾ ਰਿਹਾ ਹੈ।

ਇਸ ਮੌਕੇ ਪਿੰਡ ਖਾਨਪੁਰ ਦੀ ਸਰਪੰਚ ਪਰਮਜੀਤ ਕੌਰ ਅਤੇ ਸਥਾਨਕ ਪਿੰਡ ਵਾਸੀਆਂ ਨੇ ਪੰਜਾਬ ਸਰਕਾਰ ਵਲੋਂ ਨਸ਼ਾ ਤਸਕਰਾਂ ਖਿਲਾਫ਼ ਕੀਤੀ ਗਈ ਇਸ ਕਾਰਵਾਈ ਦੀ ਭਰਪੂਰ ਪ੍ਰਸ਼ੰਸਾ ਕੀਤੀ। ਉਨ੍ਹਾਂ ਕਿਹਾ ਕਿ ਉਹ ਪੰਜਾਬ ਸਰਕਾਰ ਵਲੋਂ ਸੂਬੇ ਵਿੱਚ ਨਸ਼ਿਆਂ ਨੂੰ ਖ਼ਤਮ ਕਰਨ ਲਈ ਕੀਤੇ ਜਾ ਰਹੇ ਇਹਨਾਂ ਉਪਰਾਲਿਆਂ ਦਾ ਉਹ ਸਵਾਗਤ ਕਰਦੇ ਹਨ।

# ਮਾਲੇਰਕੋਟਲਾ ਜ਼ਿਲ੍ਹੇ 'ਚ ਓਪਰੇਸ਼ਨ ਕਾਸੋ ਜਾਰੀ, ਐਸ.ਐਸ.ਪੀ. ਦੀ ਅਗਵਾਈ 'ਚ ਸਰਚ



ਮਾਲੇਰਕੋਟਲਾ :(ਕਿੰਮੀ ਅਰੋੜਾ,ਅਸਲਮ ਨਾਜ਼)
ਮਾਲੇਰਕੋਟਲਾ ਪੁਲਿਸ ਵੱਲੋਂ ਪੰਜਾਬ ਸਰਕਾਰ ਅਤੇ ਡੀ.ਜੀ.ਪੀ. ਪੰਜਾਬ ਦੀ ਹਦਾਇਤ 'ਤੇ ਨਸ਼ਿਆਂ ਖ਼ਿਲਾਫ਼ ਚਲਾਈ ਗਈ ਮੁਹਿੰਮ ਤਹਿਤ ਵੱਖ-ਵੱਖ ਥਾਵਾਂ 'ਤੇ ਸਰਚ ਅਭਿਆਨ ਚਲਾਇਆ ਗਿਆ। ਐੱਸ.ਐੱਸ.ਪੀ. ਮਾਲੇਰਕੋਟਲਾ ਗਗਨ ਅਜੀਤ ਸਿੰਘ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਹ ਸਰਚ ਅਭਿਆਨ ਸੀਨੀਅਰ ਪੁਲਿਸ ਅਧਿਕਾਰੀਆਂ ਦੀ ਨਿਗਰਾਨੀ ਹੇਠ ਸਬ-ਮਾਲੇਰਕੋਟਲਾ, ਸਬ ਡਵੀਜ਼ਨ ਅਮਰਗੜ੍ਹ ਸਬ ਡਵੀਜ਼ਨ ਅਹਿਮਦਗੜ੍ਹ ਵਿੱਚ ਕੀਤਾ ਗਿਆ, ਜਿਸ ਵਿੱਚ ਸ਼ੱਕੀ ਥਾਵਾਂ 'ਤੇ ਛਾਪੇ ਮਾਰੇ ਗਏ, ਸ਼ੱਕੀ ਵਿਅਕਤੀਆਂ ਦੀ ਤਲਾਸ਼ੀ ਲਈ ਗਈ ਅਤੇ ਨਸ਼ੀਲੇ ਪਦਾਰਥਾਂ ਦੀ ਬਰਾਮਦੀ ਵੀ ਹੋਈ।

ਐੱਸ.ਐੱਸ.ਪੀ. ਨੇ ਨਸ਼ਾ ਤਸਕਰਾਂ ਨੂੰ ਸਖ਼ਤ ਚਿਤਾਵਨੀ ਦਿੰਦਿਆਂ ਕਿਹਾ ਕਿ ਅਜਿਹੇ ਗੈਰਕਾਨੂੰਨੀ ਕੰਮਾਂ ਵਿੱਚ ਸ਼ਾਮਲ ਵਿਅਕਤੀਆਂ ਦੀ ਜਾਂਚ ਕਰਕੇ ਉਹਨਾਂ ਦੀਆਂ ਜਾਇਦਾਦਾਂ ਦੀ ਤਸਦੀਕ ਕਰਵਾਈ ਜਾਵੇਗੀ ਅਤੇ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ। ਉਨ੍ਹਾਂ ਇਹ ਵੀ ਕਿਹਾ ਕਿ ਨਸ਼ੇ ਦੀ ਤਸਕਰੀ ਵਿੱਚ ਸ਼ਾਮਲ ਕਿਸੇ ਵੀ ਵਿਅਕਤੀ ਨੂੰ ਕਿਸੇ ਵੀ ਹਾਲਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ।

ਮਾਲੇਰਕੋਟਲਾ ਪੁਲਿਸ ਲੋਕਾਂ ਨੂੰ ਵੀ ਅਪੀਲ ਕਰ ਰਹੀ ਹੈ ਕਿ ਜੇਕਰ ਉਹ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਗਤੀਵਿਧੀ ਬਾਰੇ ਜਾਣਕਾਰੀ ਰੱਖਦੇ ਹਨ, ਤਾਂ ਤੁਰੰਤ ਮਾਲੇਰਕੋਟਲਾ ਪੁਲਿਸ ਦੇ ਐਂਟੀ ਡਰੱਗ ਹੈਲਪਲਾਇਨ ਵੱਟਸ ਐਪ ਨੰਬਰ 91155-18150 ਤੇ ਜਾਣਕਾਰੀ ਸਾਂਝੀ ਕਰਨ ਤੇ ਇਸ ਨੂੰ ਪੂਰੀ ਤਰ੍ਹਾਂ ਨਾਲ ਗੁਪਤ ਰੱਖਿਆ ਜਾਵੇਗਾ, ਤਾਂ ਜੋ ਨਸ਼ੇ ਵਿਰੁੱਧ ਲੜਾਈ ਨੂੰ ਹੋਰ ਪ੍ਰਭਾਵਸ਼ਾਲੀ ਬਣਾਇਆ ਜਾ ਸਕੇ।

# ਕਮਲਾ ਨਹਿਰੂ ਕਾਲਜ ਫਾਰ ਵੁਮੈਨ ਵਿੱਖੇ ਸਾਲਾਨਾ ਫੇਟ ਦਾ ਆਯੋਜਨ


ਫਗਵਾੜਾ ( ਸੁਸ਼ੀਲ ਸ਼ਰਮਾ) ਅੱਜ ਸਥਾਨਕ ਕਮਲਾ ਨਹਿਰੂ ਕਾਲਜ ਫਾਰ ਵੁਮੈਨ ਦੇ ਮਨੋਵਿਗਿਆਨ, ਇਤਿਹਾਸ, ਹਿੰਦੀ, ਅੰਗਰੇਜ਼ੀ ਅਤੇ ਸੰਗੀਤ ਵਿਭਾਗ ਵੱਲੋਂ ਸਾਂਝੇ ਤੌਰ ਤੇ ਪ੍ਰਿੰਸੀਪਲ ਡਾ. ਸਵਿੰਦਰ ਪਾਲ ਦੀ ਯੋਗ ਅਗਵਾਈ ਹੇਠ ਸਾਲਾਨਾ ਫੇਟ ਦਾ ਆਯੋਜਨ ਕੀਤਾ ਗਿਆ ਸ੍ਰੀਮਤੀ ਮੰਜੂ ਸਰਦਾਨਾ ਜੀ, ਐਗਜੈਕਟਿਵ ਚੇਅਰਪਰਸਨ ਸੁਖਜੀਤ ਸਟਾਰਚ ਐਂਡ ਕੈਮੀਕਲ ਲਿਮ. ਮੇਲੇ ਦੇ ਮੁੱਖ ਮਹਿਮਾਨ ਸਨ ਮੁੱਖ ਮਹਿਮਾਨ ਸ੍ਰੀਮਤੀ ਮੰਜੂ ਸਰਦਾਨਾ ਨੇ ਦੀ ਸ਼ੁਰੂਆਤ ਰਿਬਨ ਕੱਟ ਕੇ ਅਤੇ ਕਾਲਜ ਦੇ 60 ਸਾਲਾਂ ਦੇ ਸ਼ਾਨਦਾਰ ਇਤਿਹਾਸ ਨੂੰ ਦਰਸਾਉਂਦੇ ਰੰਗ ਬਿਰੰਗੇ ਗੁਬਾਰਿਆਂ ਨੂੰ ਉਡਾ ਕੇ ਕੀਤੀ ਉਪਰੰਤ ਸਾਰਿਆਂ ਨੇ ਮੇਲੇ ਦੀ ਆਯੋਜਕ ਟੀਮ ਨਾਲ਼ ਗੇਮਾਂ ਅਤੇ ਖਾਣ-ਪੀਣ ਦੇ ਤਰ੍ਹਾਂ-ਤਰ੍ਹਾਂ ਦੇ ਸਟਾਲਾਂ ਦਾ ਦੌਰਾ ਕੀਤਾ। ਮਿਊਜ਼ਕ ਸਟਾਲ ਸਭ ਤੋਂ ਜਿਆਦਾ ਖਿੱਚ ਭਰਪੂਰ ਸੀ ਜਿੱਥੇ ਬੱਚੇ ਆਪਣੇ ਮਨਪਸੰਦ ਗੀਤਾਂ ਨਾਲ਼ ਨੱਚ ਰਹੇ ਸਨ। ਮੇਲੇ ਵਿੱਚ 700 ਤੋਂ ਉੱਪਰ ਹਾਜ਼ਰੀ ਸੀ। ਖਾਣ ਪੀਣ ਦੇ ਸਟਾਲਾਂ ਵਿੱਚ ਗੋਲ਼-ਗੱਪੇ, ਛੋਲੇ ਭਟੂਰੇ, ਟਿੱਕੀ, ਨੂਡਲਜ਼, ਬਰਗਰ, ਗੁਲਾਬ ਜਾਮੁਨ ਆਦਿ ਦਾ ਸਾਰਿਆਂ ਨੇ ਆਨੰਦ ਮਾਣਿਆ। ਰੰਗ-ਬਿਰੰਗੀਆਂ ਪੁਸ਼ਾਕਾਂ ਨਾਲ਼ ਸਜੇ ਵਿਦਿਆਰਥੀਆਂ ਵਿੱਚ ਮੇਲੇ ਪ੍ਰਤੀ ਬਹੁਤ ਉਤਸ਼ਾਹ ਦੇਖਣ ਨੂੰ ਮਿਲਿਆ। ਇਸ ਮੌਕੇ ਇੱਕ ਸਭਿਆਚਾਰਕ ਪ੍ਰੋਗਰਾਮ ਦਾ ਆਯੋਜਨ ਵੀ ਕੀਤਾ ਗਿਆ ਜਿਸਦਾ ਸਾਰਿਆਂ ਨੇ ਬਹੁਤ ਆਨੰਦ ਮਾਣਿਆ।

ਮੇਲੇ ਦੇ ਅੰਤ ਵਿੱਚ ਪ੍ਰਿੰਸੀਪਲ ਡਾ. ਸਵਿੰਦਰ ਪਾਲ ਅਤੇ ਵੱਖ ਵੱਖ ਸਕੂਲਾਂ ਤੋਂ ਆਏ ਪ੍ਰਿੰਸੀਪਲ ਸਾਹਿਬਾਨ (ਗੀਟਾ ਥਾਪਰ, ਰਣਜੀਤ ਗੋਗਨਾ, ਜੱਗਪਾਲ ਸਿੰਘ, ਕੁਸਮ ਰਾਜਪੂਤ) ਵੱਲੋਂ ਲੱਕੀ ਡਰਾਅ ਵੀ ਕੱਢੇ ਗਏ ਜਿਸ ਵਿੱਚ ਕੁਲ ਦਸ ਇਨਾਮ ਜਿਨ੍ਹਾਂ ਵਿੱਚ ਲੈੱਡ ਟੀਵੀ, ਸਮਾਰਟ ਫੋਨ, ਮਾਈਕ੍ਰੋਵੇਵ, ਜੂਸਰ ਮਿਕਸਰ ਗਰਾਈਂਡਰ, ਹੇਅਰ ਸਟਰੇਟਨਰ, ਸਮਾਰਟ ਵਾਚ, ਡਬਲ ਬੈੱਡ ਰਜਾਈ, ਡਿਨਰ ਸੈੱਟ, ਹੇਅਰ ਡਰਾਇਰ ਅਤੇ ਗਰਿੱਲ ਸੈਂਡਵਿਚ ਮੇਕਰ ਸ਼ਾਮਲ ਸਨ। ਇਨ੍ਹਾਂ ਵਿੱਚੋਂ ਇਨਾਮਾਂ ਦੇ ਹਾਜ਼ਰ ਜੇਤੂਆਂ ਨੂੰ ਮੌਕੇ ਤੇ ਹੀ ਇਨਾਮ ਦਿੱਤੇ ਗਏ। ਚੱਲਦੇ ਮੇਲੇ ਦੀ ਕੁਮੈਂਟਰੀ ਪ੍ਰੋ. ਹਰਜਿੰਦਰ ਸਿੰਘ ਅਤੇ ਸ੍ਰੀ ਕਮਲ ਕੌਸ਼ਲ ਵੱਲੋਂ ਅਤੇ ਆਡੀਟੋਰੀਅਮ ਵਿੱਚ ਮੰਚ ਸੰਚਾਲਨ ਦੀ ਭੂਮਿਕਾ ਮੈਡਮ ਜੋਤੀ ਬਜਾਜ ਅਤੇ ਮੈਡਮ ਪ੍ਰੀਤੀ ਮਾਰਕੰਡਾ ਵੱਲੋਂ ਬਾਖ਼ੂਬੀ ਨਿਭਾਈ ਗਈ। ਇਸ



ਫੇਟ ਦੀ ਕਵਰਿਜ ਵੱਖ-ਵੱਖ ਪੱਤਰਕਾਰਾਂ (ਰਮਨ ਸ਼ਰਮਾ, ਸੁਸ਼ੀਲ ਸਰਮਾ, ਅਜੈ ਕੋਸ਼ੜ) ਦੁਆਰਾ ਕੀਤੀ ਗਈ। ਮੇਲੇ ਦੀ ਸਫਲਤਾ ਤੇ ਸੰਪੂਰਨਤਾ ਉਪਰੰਤ ਪ੍ਰਿੰਸੀਪਲ ਡਾ. ਸਵਿੰਦਰ ਪਾਲ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕਰਨ ਦੇ ਨਾਲ਼ ਨਾਲ਼ ਆਯੋਜਕ ਟੀਮ ਅਤੇ ਲੱਕੀ ਡਰਾਅ ਦੇ ਜੇਤੂਆਂ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਅਜਿਹੇ ਆਯੋਜਨ ਵਿਦਿਆਰਥੀਆਂ ਵਿੱਚ ਨਵੀਂ ਤਾਜ਼ਗੀ ਭਰਦੇ ਹਨ ਇਸਦੇ ਨਾਲ਼ ਹੀ ਉਨ੍ਹਾਂ ਨੇ ਆਏ ਮਹਿਮਾਨਾਂ, ਵਿਦਿਆਰਥੀਆਂ ਅਤੇ ਮੇਲੇ ਵਿੱਚ ਯੋਗਦਾਨ ਪਾਉਣ ਵਾਲ਼ੇ ਹਰ ਵਿਅਕਤੀ ਦਾ ਧੰਨਵਾਦ ਕੀਤਾ

# ਆਵਾਰਾ ਕੁੱਤਿਆਂ ਦੇ ਖੌਫ ਨਾਲ ਘਰਾਂ 'ਚ ਕੈਦ ਰਹਿਣ ਲਈ ਮਜਬੂਰ ਹੋਏ ਬੱਚੇ ਅਤੇ ਬਜ਼ੁਰਗ : ਮਨੀਸ਼ ਪ੍ਰਭਾਕਰ ,



ਫਗਵਾੜਾ ( ਸੁਸ਼ੀਲ ਸ਼ਰਮਾ ) ਸ਼ਹਿਰ ਦੀ ਹਰ ਗਲੀ ਅਤੇ ਮੁਹੱਲੇ ਵਿੱਚ ਆਵਾਰਾ ਕੁੱਤਿਆਂ ਦਾ ਆਤੰਕ ਦਿਨੋ-ਦਿਨ ਵਧਦਾ ਜਾ ਰਿਹਾ ਹੈ। ਸੜਕਾਂ 'ਤੇ ਘੁੰਮਦੇ ਆਵਾਰਾ ਕੁੱਤਿਆਂ ਦੇ ਝੁੰਡਾਂ ਦੇ ਡਰ ਕਾਰਨ ਨਾ ਸਿਰਫ਼ ਆਮ ਲੋਕ ਸਵੇਰੇ-ਸ਼ਾਮ ਆਪਣੇ ਘਰਾਂ ਤੋਂ ਬਾਹਰ ਨਿਕਲਣ ਤੋਂ ਗੁਰੇਜ ਕਰਦੇ ਹਨ, ਸਗੋਂ ਛੋਟੇ ਬੱਚਿਆਂ ਅਤੇ ਬਜ਼ੁਰਗਾਂ ਲਈ ਘਰਾਂ ਦੇ ਅੰਦਰ ਹੀ ਕੈਦ ਰਹਿਣਾ ਇੱਕ ਮਜਬੂਰੀ ਬਣ ਗਈ ਹੈ। ਇਸ ਭਖਦੇ ਮੁੱਦੇ ਬਾਰੇ ਗੱਲ ਕਰਦਿਆਂ ਬਲਾਕ ਕਾਂਗਰਸ ਫਗਵਾੜਾ ਸ਼ਹਿਰੀ ਦੇ ਪ੍ਰਧਾਨ ਅਤੇ ਨਗਰ ਕੌਂਸਲਰ ਮਨੀਸ਼ ਪ੍ਰਭਾਕਰ ਨੇ ਕਿਹਾ ਕਿ ਆਵਾਰਾ ਕੁੱਤਿਆਂ ਦੇ ਝੁੰਡ ਅਕਸਰ ਰਾਹਗੀਰਾਂ 'ਤੇ ਹਮਲਾ ਕਰਦੇ ਹਨ ਕੁੱਤਿਆਂ ਦੇ ਕੱਟਣ ਨਾਲ ਬਹੁਤ ਸਾਰੇ ਲੋਕ ਜਾਨ ਗੁਆ ਚੁੱਕੇ ਹਨ ਜਾਂ ਗੰਭੀਰ ਰੂਪ ਵਿੱਚ ਜ਼ਖਮੀ ਹੋ ਚੁੱਕੇ ਹਨ। ਸੜਕ 'ਤੇ ਲੰਘਦੇ ਵਾਹਨਾਂ ਦੇ ਸਾਹਮਣੇ ਅਚਾਨਕ ਕੁੱਤਿਆਂ ਦੇ ਆਉਣ ਕਾਰਨ ਕਈ ਹਾਦਸੇ ਵਾਪਰ ਚੁੱਕੇ ਹਨ। ਸਕੂਲ ਅਤੇ ਟਿਊਸ਼ਨ ਜਾਣ ਵਾਲੇ ਬੱਚੇ ਵੀ ਡਰੇ ਸਹਿਮੇ ਰਹਿੰਦੇ ਹਨ। ਉਨ੍ਹਾਂ ਕਿਹਾ ਕਿ ਬਹੁਤ ਸਾਰੇ ਕੁੱਤੇ ਕੂੜੇ ਦੇ ਢੇਰਾਂ 'ਤੇ ਪਏ ਜ਼ਹਿਰੀਲੇ ਕੂੜੇ ਅਤੇ ਖਿੰਡੇ ਹੋਏ ਮਾਸ ਨੂੰ ਖਾ ਕੇ ਆਦਮਖੋਰ ਬਣ ਗਏ ਹਨ। ਜਿਸ ਕਾਰਨ ਲੋਕਾਂ ਦੀ ਜਾਨ ਹਮੇਸ਼ਾ ਖ਼ਤਰੇ ਵਿੱਚ ਰਹਿੰਦੀ ਹੈ। ਇਸ ਲਈ ਸਮੱਸਿਆ ਦੀ ਗੰਭੀਰਤਾ ਨੂੰ ਦੇਖਦੇ ਹੋਏ ਨਗਰ ਨਿਗਮ ਫਗਵਾੜਾ ਨੂੰ ਇਸ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਢੁਕਵਾਂ ਹੱਲ ਲੱਭਣਾ ਚਾਹੀਦਾ ਹੈ। ਮਨੀਸ਼ ਪ੍ਰਭਾਕਰ ਨੇ ਸ਼ਹਿਰ ਦੇ ਨਵ-ਨਿਯੁਕਤ ਮੇਅਰ ਰਾਮਪਾਲ ਉੱਪਲ ਅਤੇ ਨਿਗਮ ਕਮਿਸ਼ਨਰ ਤੋਂ ਪੁਰਜ਼ੋਰ ਮੰਗ ਕੀਤੀ ਕਿ ਆਵਾਰਾ ਕੁੱਤਿਆਂ ਦੀ ਵਧਦੀ ਗਿਣਤੀ ਨੂੰ ਕੰਟਰੋਲ ਕਰਨ ਲਈ ਨਸਬੰਦੀ, ਟੀਕਾਕਰਨ ਅਤੇ ਨਸਬੰਦੀ ਦੀ ਮੁਹਿੰਮ ਤੁਰੰਤ ਸ਼ੁਰੂ ਕੀਤੀ ਜਾਵੇ। ਇਸ ਤੋਂ ਇਲਾਵਾ ਨਿਗਮ ਦੀ ਜ਼ਮੀਨ 'ਤੇ ਕੁੱਤਿਆਂ ਲਈ ਡਾਗ ਸ਼ੈਲਟਰ ਕੰਪਾਊਂਡ ਬਣਾਏ ਜਾਣ। ਉਨ੍ਹਾਂ ਸੁਝਾਅ ਦਿੱਤਾ ਕਿ ਨਿਗਮ ਹਾਊਸ ਦੀ ਅਗਲੀ ਮੀਟਿੰਗ ਵਿੱਚ ਮੁਹੱਲਾ ਪੱਧਰ 'ਤੇ ਕਮੇਟੀਆਂ ਬਣਾਉਣ ਅਤੇ ਉਨ੍ਹਾਂ ਨੂੰ ਆਪਣੇ ਖਰਚੇ 'ਤੇ ਕੁੱਤਿਆਂ ਦਾ ਟੀਕਾਕਰਨ ਕਰਵਾਉਣ ਦੀ ਆਗਿਆ ਦੇਣ ਦਾ ਪ੍ਰਸਤਾਵ ਪਾਸ ਕੀਤਾ ਜਾਵੇ। ਤਾਂ ਜੋ ਸ਼ਹਿਰ ਵਾਸੀ ਜਲਦੀ ਤੋਂ ਜਲਦੀ ਇਸ ਸਮੱਸਿਆ ਤੋਂ ਛੁਟਕਾਰਾ ਪਾ ਸਕਣ ਅਤੇ ਉਨ੍ਹਾਂ ਦੀ ਜਾਨ ਸੁਰੱਖਿਅਤ ਰਹਿ ਸਕੇ। ਉਨ੍ਹਾਂ ਕਿਹਾ ਕਿ ਲੋਕਾਂ ਨੇ ਆਪਣੇ ਵਾਰਡਾਂ ਦੇ ਕੌਂਸਲਰਾਂ ਨੂੰ ਬਹੁਤ ਉਮੀਦਾਂ ਨਾਲ ਚੁਣਿਆ ਹੈ, ਇਸ ਲਈ ਲੋਕਾਂ ਦੀਆਂ ਸਮੱਸਿਆਵਾਂ ਨੂੰ ਮੈਰਿਟ ਦੇ ਆਧਾਰ 'ਤੇ ਹੱਲ ਕਰਨਾ ਮੇਅਰ ਸਮੇਤ ਪੂਰੇ ਕਾਰਪੋਰੇਸ਼ਨ ਹਾਊਸ ਦਾ ਮੁਢਲਾ ਫਰਜ਼ ਹੋਣਾ ਚਾਹੀਦਾ ਹੈ

# ਕੀਮਤੀ ਜ਼ਮੀਨ ਦੀ ਧੋਖਾਧੜੀ ਨਾਲ ਰਜਿਸਟਰੀ ਕਰਵਾਉਣ ਦੇ ਦੋਸ਼ ਹੇਠ ਵਿਜੀਲੈਂਸ ਬਿਊਰੋ ਵੱਲੋਂ 9 ਮੁਲਜ਼ਮਾਂ ਵਿਰੁੱਧ ਮੁਕੱਦਮਾ ਦਰਜ, ਵਕੀਲ ਗ੍ਰਿਫ਼ਤਾਰ

ਚੰਡੀਗੜ੍ਹ ਲੁਧਿਆਣਾ, ,( ਸੁਖਚੈਨ ਮਹਿਰਾ, ਨਰੇਸ਼ ਹੰਸ)

ਪੰਜਾਬ ਵਿਜੀਲੈਂਸ ਬਿਊਰੋ ਨੇ ਅਮਰੀਕਾ ਵਸਦੇ ਇੱਕ ਪ੍ਰਵਾਸੀ ਭਾਰਤੀ (ਐਨ.ਆਰ.ਆਈ.) ਦੀ ਲੁਧਿਆਣਾ ਸਥਿਤ 14 ਕਨਾਲ ਕੀਮਤੀ ਜ਼ਮੀਨ ਦੀ ਜਾਅਲੀ ਦਸਤਾਵੇਜ਼ਾਂ ਰਾਹੀਂ ਧੋਖਾਧੜੀ ਨਾਲ ਵੇਚਣ ਤੇ ਖਰੀਦਣ ਦੇ ਦੋਸ਼ ਹੇਠ 9 ਵਿਅਕਤੀਆਂ ਵਿਰੁੱਧ ਕੇਸ ਦਰਜ ਕੀਤਾ ਹੈ। ਇਸ ਸਬੰਧੀ ਵਿਜੀਲੈਂਸ ਬਿਊਰੋ ਨੇ ਲੁਧਿਆਣਾ ਦ ਵਕੀਲ ਗੁਰਚਰਨ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਹੈ ਜਿਸਨੇ ਜ਼ਮੀਨ ਦੀ ਜਾਅਲੀ ਰਜਿਸਟਰੀ ਵਿੱਚ ਮੁੱਖ ਭੂਮਿਕਾ ਨਿਭਾਈ ਸੀ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਅੱਜ ਇੱਥੇ ਵਿਜੀਲੈਂਸ ਬਿਊਰੋ ਦੇ ਸਰਕਾਰੀ ਬੁਲਾਰੇ ਨੇ ਦੱਸਿਆ ਕਿ ਵਿਜੀਲੈਂਸ ਬਿਊਰੋ ਲੁਧਿਆਣਾ ਰੇਂਜ ਵੱਲੋਂ ਲੁਧਿਆਣਾ ਦੇ ਵੇਰਕਾ-ਲਾਡੂਵਾਲ ਬਾਈਪਾਸ ਨੇੜੇ ਪਿੰਡ ਨੂਰਪੁਰ ਬੇਟ ਵਿੱਚ ਸਥਿਤ ਇਸ ਛੇ ਕਰੋੜ ਰੁਪਏ ਤੋਂ ਵੱਧ ਦੀ ਕੀਮਤੀ ਜ਼ਮੀਨ ਦੀ ਧੋਖਾਧੜੀ ਨਾਲ ਰਜਿਸਟਰੀ ਕਰਵਾਉਣ ਬਾਰੇ ਮਿਲੀ ਖੁਫੀਆ ਜਾਣਕਾਰੀ 'ਤੇ ਕਾਰਵਾਈ ਕਰਦਿਆਂ 21 ਫਰਵਰੀ, 2025 ਨੂੰ ਸਬ-ਰਜਿਸਟਰਾਰ ਦਫ਼ਤਰ, ਤਹਿਸੀਲ ਪੱਛਮੀ, ਲੁਧਿਆਣਾ ਵਿਖੇ ਅਚਨਚੇਤ ਜਾਂਚ ਕੀਤੀ ਗਈ।

ਇਸ ਜਾਂਚ ਤੋਂ ਪਤਾ ਲੱਗਾ ਕਿ 11 ਫਰਵਰੀ, 2025 ਨੂੰ ਦੀਪ ਸਿੰਘ (ਵਿਕਰੇਤਾ) ਅਤੇ ਪੰਚਕੂਲਾ ਦੇ ਦੀਪਕ ਗੋਇਲ (ਖਰੀਦਦਾਰ) ਵਿਚਕਾਰ 30 ਲੱਖ ਰੁਪਏ ਵਿੱਚ ਇੱਕ ਵਿਕਰੀ ਇਕਰਾਰਨਾਮਾ ਕੀਤਾ ਗਿਆ ਸੀ ਜਿਸ ਵਿੱਚ ਇੱਕ ਵਿਅਕਤੀ ਨੇ ਆਪਣੇ-ਆਪ ਨੂੰ ਦੀਪ ਸਿੰਘ ਦੱਸਦਿਆਂ ਤਹਿਸੀਲ ਦਫ਼ਤਰ ਵਿੱਚ ਪੇਸ਼ ਹੋ ਕੇ ਇਸ ਜਮੀਨ ਦੀ ਰਜਿਸਟਰੀ ਕਰਵਾਈ ਸੀ ਜਦਕਿ ਅਸਲ



ਮਾਲਕ ਦੀਪ ਸਿੰਘ ਅਮਰੀਕਾ ਵਿੱਚ ਰਹਿ ਰਿਹਾ ਹੈ।

ਉਹਨਾਂ ਅੱਗੇ ਦੱਸਿਆ ਕਿ ਅਚਨਚੇਤ ਜਾਂਚ ਦੌਰਾਨ ਅਸਲ ਰਜਿਸਟਰੀ (ਵਿਕਰੀ ਡੀਡ) ਦਸਤਾਵੇਜ਼ਾਂ ਨੂੰ ਕਬਜ਼ੇ ਵਿੱਚ ਲੈ ਲਿਆ ਗਿਆ ਸੀ ਅਤੇ ਇਸ ਦੀ ਤਸਦੀਕ ਦੌਰਾਨ ਧੋਖਾਧੜੀ ਦੀ ਪੁਸ਼ਟੀ ਹੋਈ। ਇਸ ਵਿਕਰੀ ਡੀਡ ਨੂੰ ਤਹਿਸੀਲਦਾਰ ਪੱਛਮੀ ਲੁਧਿਆਣਾ, ਜਗਸੀਰ ਸਿੰਘ ਸਰਾਂ ਵੱਲੋਂ ਨਕਲੀ ਦੀਪ ਸਿੰਘ ਦੀ ਮੌਜੂਦਗੀ ਵਿੱਚ ਤਸਦੀਕ ਕੀਤਾ ਗਿਆ ਸੀ। ਖਰੀਦਦਾਰ ਦੀਪਕ ਗੋਇਲ ਤਰਫ਼ੋ ਅਮਿਤ ਗੌੜ ਨਾਮੀ ਇੱਕ ਵਿਅਕਤੀ ਪੇਸ਼ ਹੋਇਆ ਅਤੇ ਰਜਿਸਟਰੀ ਦੇ ਦਸਤਾਵੇਜ਼ਾਂ ਤੇ ਦਸਤਖਤ ਕੀਤੇ। ਇਸ ਮੌਕੇ ਪ੍ਰਾਪਰਟੀ ਡੀਲਰ ਰਘਬੀਰ ਸਿੰਘ, ਐਡਵੋਕੇਟ ਗੁਰਚਰਨ ਸਿੰਘ ਅਤੇ ਨੰਬਰਦਾਰ ਬਘੇਲ ਸਿੰਘ ਸਮੇਤ ਗਵਾਹਾਂ ਨੇ ਨਕਲੀ ਦੀਪ ਸਿੰਘ ਦੀ ਅਸਲੀ ਜ਼ਮੀਨ ਮਾਲਕ ਵਜੋਂ ਪਛਾਣ ਕੀਤੀ।

ਅਗਲੇਰੀ ਜਾਂਚ ਤੋਂ ਪਤਾ ਲੱਗਾ ਕਿ ਅਸਲ ਮਾਲਕ ਦੀਪ ਸਿੰਘ, ਉਮਰ 55 ਸਾਲ, ਜਨਮ ਤੋਂ ਹੀ ਆਪਣੇ ਪਰਿਵਾਰ ਸਮੇਤ ਅਮਰੀਕਾ ਵਿੱਚ ਰਹਿ ਰਿਹਾ ਹੈ ਜਦਕਿ ਇਸ ਫ਼ਰਜ਼ੀ ਰਜਿਸਟਰੀ ਕਰਵਾਉਣ ਵਾਲੇ ਦੀਪ ਸਿੰਘ ਨੇ ਇੱਕ ਜਾਅਲੀ ਆਧਾਰ ਕਾਰਡ ਅਤੇ ਪੈਨ ਕਾਰਡ ਦੀ ਵਰਤੋਂ ਕੀਤੀ, ਜਿਸ ਵਿੱਚ ਉਸਦੀ ਉਮਰ 39 ਸਾਲ (ਜਨਮ 1985) ਦਰਸਾਈ ਗਈ, ਜਦੋਂ ਕਿ ਅਸਲ ਦੀਪ ਸਿੰਘ ਦਾ ਜਨਮ 1971 ਵਿੱਚ ਹੋਇਆ ਸੀ।

ਬੁਲਾਰੇ ਨੇ ਅੱਗੇ ਦੱਸਿਆ ਕਿ ਜਾਂਚ ਵਿੱਚ ਪਾਇਆ ਗਿਆ ਹੈ ਮਾਲ ਵਿਭਾਗ ਦੇ ਕਰਮਚਾਰੀਆਂ ਵੱਲੋਂ ਵੀ ਇਸ ਮਾਮਲੇ ਵਿੱਚ ਗੰਭੀਰ ਗਲਤੀਆਂ ਤੇ ਉਣਤਾਈਆਂ ਕੀਤੀਆਂ ਗਈਆਂ ਹਨ, ਜੋ ਇਸ ਵਿੱਚ ਸ਼ਾਮਲ ਲੋਕਾਂ ਦੇ ਪਿਛੋਕੜ ਦੀ ਪੁਸ਼ਟੀ ਕਰਨ ਵਿੱਚ ਅਸਫਲ ਰਹੇ। ਸਬੂਤਾਂ ਅਤੇ ਜਾਂਚ ਰਿਪੋਰਟ ਦੇ ਆਧਾਰ ਤੇ ਭਾਰਤੀ ਨਿਆਂ ਸੰਹਿਤਾ (ਬੀ.ਐਨ.ਐਸ.) ਦੀ ਧਾਰਾ 318(4), 319(2), 336(2), 336(3), 338, 340(2) ਅਤੇ 61(2) ਤਹਿਤ ਆਰਥਿਕ ਅਪਰਾਧ ਸ਼ਾਖਾ ਵਿਖੇ 27 ਫਰਵਰੀ, 2025 ਨੂੰ ਮੁਕੱਦਮਾ ਨੰਬਰ 4 ਦਰਜ ਕੀਤਾ ਗਿਆ ਹੈ ਅਤੇ ਜਾਂਚ ਵਿਜੀਲੈਂਸ ਬਿਊਰੋ ਲੁਧਿਆਣਾ ਰੇਂਜ ਨੂੰ ਸੌਂਪੀ ਗਈ।

ਮੁਲਜ਼ਮਾਂ ਵਿੱਚ ਤਹਿਸੀਲਦਾਰ ਜਗਸੀਰ ਸਿੰਘ ਸਰਾਂ, ਖਰੀਦਦਾਰ ਦੀਪਕ ਗੋਇਲ, ਨੰਬਰਦਾਰ ਬਘੇਲ ਸਿੰਘ, ਰਜਿਸਟਰੀ ਕਲਰਕ ਕ੍ਰਿਸ਼ਨ ਗੋਪਾਲ, ਐਡਵੋਕੇਟ ਗੁਰਚਰਨ ਸਿੰਘ, ਅਮਿਤ ਗੌੜ, ਨਕਲੀ ਦੀਪ ਸਿੰਘ, ਇੱਕ ਕੰਪਿਊਟਰ ਆਪਰੇਟਰ ਅਤੇ ਪ੍ਰਾਪਰਟੀ ਡੀਲਰ ਰਘਬੀਰ ਸਿੰਘ ਸ਼ਾਮਲ ਹਨ।

ਜਾਂਚ ਰਿਪੋਰਟ ਦੇ ਆਧਾਰ ਤੇ ਵਿਜੀਲੈਂਸ ਬਿਊਰੋ ਨੇ ਐਡਵੋਕੇਟ ਗੁਰਚਰਨ ਸਿੰਘ ਨੂੰ ਗ੍ਰਿਫ਼ਤਾਰ ਕਰ ਲਿਆ ਜਿਸਨੇ ਗਵਾਹ ਵਜੋਂ ਦਸਤਖ਼ਤ ਕੀਤੇ ਸਨ ਅਤੇ ਨਕਲੀ ਦੀਪ ਸਿੰਘ ਦੀ ਅਸਲੀ ਦੀਪ ਸਿੰਘ ਵਜੋਂ ਪਛਾਣ ਕੀਤੀ ਸੀ। ਉਸਨੂੰ ਭਲਕੇ ਅਦਾਲਤ ਵਿੱਚ ਪੇਸ਼ ਕੀਤਾ ਜਾਵੇਗਾ। ਬੁਲਾਰੇ ਨੇ ਅੱਗੇ ਕਿਹਾ ਕਿ ਬਾਕੀ ਮੁਲਜ਼ਮਾਂ ਨੂੰ ਗ੍ਰਿਫ਼ਤਾਰ ਕਰਨ ਦੀਆਂ ਕੋਸ਼ਿਸ਼ਾਂ ਜਾਰੀ ਹਨ।

# ਮੰਦਰ ਭਗਵਾਨ ਵਰੁਨ ਦੇਵ (ਖਵਾਜਾ ਜੀ ) ਫਗਵਾੜਾ ਵਲੋਂ 30ਵਾਂ ਸਲਾਨਾ ਮੇਲਾ ਅਤੇ ਭੰਡਾਰਾ ਮਿਤੀ 2 ਮਾਰਚ ਨੂੰ

ਫਗਵਾੜਾ (ਸੁਸ਼ੀਲ ਸ਼ਰਮਾ) ਆਲ ਇੰਡੀਆ ਕਸ਼ਯਪ ਰਾਜਪੂਤ ਬਾਬਾ ਹਿੰਮਤ ਸਿੰਘ ਐਜੂਕੇਸ਼ਨ ਬੋਰਡ ਰਜਿ ਬਾਬਾ ਹਿੰਮਤ ਸਿੰਘ ਚੈਰੀਟੇਬਲ ਟੈਕਨੀਕਲ ਇੰਸਟੀਚਿਊਟ ਅਤੇ ਮੰਦਰ ਭਗਵਾਨ ਵਰੁਨ ਦੇਵ (ਖਵਾਜਾ ਜੀ ) ਫਗਵਾੜਾ ਵਲੋਂ 30ਵਾਂ ਸਲਾਨਾ ਮੇਲਾ ਅਤੇ ਭੰਡਾਰਾ ਮਿਤੀ 2 ਮਾਰਚ ਦਿਨ ਐਤਵਾਰ ਨੂੰ ਸਰਬ ਸੰਗਤ ਦੇ ਸਹਿਯੋਗ ਨਾਲ ਕਰਵਾਇਆ ਜਾ ਰਿਹਾ ਹੈ ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਧਾਨ ਗੁਰਦਿਆਲ ਸਿੰਘ ਜੋਨੀ ਨੇ ਦੱਸਿਆ ਕਿ ਮਿਤੀ 2 ਮਾਰਚ ਨੂੰ ਹਵਨ ਦੀ ਰਸਮ ਸਵੇਰੇ 8.00 ਵਜੇ ਝੰਡੇ ਦੀ ਰਸਮ ਦੀ ਰਸਮ ਸਵੇਰੇ 10.00 ਵਜੇ ਅਤੇ ਸੰਗੀਤ ਪ੍ਰੋਗਰਾਮ ਸਵੇਰੇ 11.00 ਵਜੇ ਤੋਂ ਸ਼ਾਮ 5.00 ਵਜੇ ਤੱਕ ਗਾਇਕ ਗੁਰਦੇਵ ਦਿਲਗੀਰ , ਘੁੱਲਾ ਸਰ੍ਹਾਣੇ ਵਾਲਾ , ਕੇ ਕੁਲਦੀਪ , ਜਤਿੰਦਰ ਪਿੰਕੀ , ਜਸਮੀਨ ਖ਼ਾਨ ਅਤੇ ਨੂਰ ਮੁਹੰਮਦ ਅਪਣੀ ਹਾਜਰੀ ਲਗਵਾਉਣਗੇ ਇਸ ਪ੍ਰੋਗਰਾਮ ਚ ਸ੍ਰ ਜੋਗਿੰਦਰ ਸਿੰਘ ਮਾਨ ਸਾਬਕਾ ਕੈਬਨਿਟ ਮੰਤਰੀ ਪੰਜਾਬ ਅਤੇ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਫਗਵਾੜਾ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ ਚਾਹ ਪਕੌੜੇ ਅਤੇ ਲੰਗਰ ਭੰਡਾਰਾ ਸਵੇਰੇ 9.00 ਵਜੇ ਤੋਂ ਸ਼ਾਮ 5.00 ਵਜੇ ਤੱਕ ਚਲੇਗਾ ਉਨ੍ਹਾਂ ਦੱਸਿਆ ਕਿ ਮਿਤੀ 1 ਮਾਰਚ ਦਿਨ ਸ਼ਨੀਵਾਰ ਸ਼ਾਮ 3.00 ਵਜੇ ਖਵਾਜਾ ਮੰਦਰ ਫਗਵਾੜਾ ਵਿਖੇ ਖਵਾਜਾ ਜੀ ਦਾ ਬੇੜਾ ਤਾਰਿਆ ਜਾਵੇਗਾ

